ਬੁੱਧਵਾਰ, 14 ਅਕਤੂਬਰ, 2026
28 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 134

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 14 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# 'ਇੰਡੀਆ' ਲੋਕਤੰਤਰ ਦੀ ਬਹਾਲੀ ਤੱਕ ਮਿਲ ਕੇ ਲੜੇਗਾ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਂਗਰਸ ਆਗੂ ਰਾਹੁਲ ਗਾਂਧੀ ਨੇ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਮਿਲ ਕੇ ਲੜਨਗੇ ਅਤੇ ਦੇਸ਼ ਵਿੱਚ ਲੋਕਤੰਤਰ ਮੁੜ ਬਹਾਲ ਕਰਵਾਉਣਗੇ। ਉਨ੍ਹਾਂ ਕਿਹਾ ਕਿ ਸਾਰੇ ਅੰਦੋਲਨ ਦਾ ਮਿਸ਼ਨ ਇੱਕੋ ਹੈ। ਉਨ੍ਹਾਂ ਇਹ ਗੱਲ ਦਿੱਲੀ ਵਿੱਚ ਆਪਣੀ ਰਿਹਾਇਸ਼ 'ਤੇ ਇੰਡੀਆ ਗੱਠਜੋੜ ਦੇ ਆਗੂਆਂ ਨਾਲ ਚਾਹ 'ਤੇ ਹੋਈ ਮੀਟਿੰਗ ਮਗਰੋਂ ਪ੍ਰੈੱਸ ਕਾਨਫਰੰਸ ਦੌਰਾਨ ਕਹੀ। ਵਿਰੋਧੀ ਧਿਰ ਨੇ ਸਰਕਾਰ 'ਤੇ ਜੰਤਰ-ਮੰਤਰ ਬੰਦ ਕਰਨ ਦਾ ਦੋਸ਼ ਵੀ ਲਾਇਆ। ਮੀਟਿੰਗ ਵਿੱਚ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਅਤੇ ਵੋਟਰ ਸੂਚੀਆਂ ਦੀ ਵਿਸ਼ੇਸ਼ ਮੁੜ ਸੁਧਾਈ (ਐੱਸ ਆਈ ਆਰ) ਵਿਰੁੱਧ ਅੰਦੋਲਨ ਨੂੰ ਅੱਗੇ ਵਧਾਉਣ ਦੀ ਰਣਨੀਤੀ ਬਾਰੇ ਚਰਚਾ ਕੀਤੀ ਗਈ। ਇਸ ਮੀਟਿੰਗ ਵਿੱਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਸੋਨੀਆ ਗਾਂਧੀ, ਪ੍ਰਿਯੰਕਾ ਗਾਂਧੀ ਅਤੇ ਸ਼ਸ਼ੀ ਥਰੂਰ ਸਮੇਤ ਵਿਰੋਧੀ ਧਿਰ ਦੇ ਕਈ ਆਗੂ ਸ਼ਾਮਲ ਹੋਏ। ਰਾਸ਼ਟਰੀ ਜਨਤਾ ਦਲ ਦੇ ਆਗੂ ਤੇਜਸਵੀ ਯਾਦਵ ਨੇ ਕਿਹਾ ਕਿ ਵਿਰੋਧੀ ਧਿਰ ਇਕਜੁੱਟ ਹੈ ਅਤੇ ਉਹ



ਹਰ ਕੁਰਬਾਨੀ ਲਈ ਤਿਆਰ ਹਨ। ਉਨ੍ਹਾ ਕਿਹਾ ਕਿ ਸਾਰੇ ਆਗੂ ਇਸ ਲੜਾਈ ਵਿੱਚ ਇਕੱਠੇ ਖੜ੍ਹੇ ਹਨ। ਰਾਸ਼ਟਰਵਾਦੀ ਕਾਂਗਰਸ ਪਾਰਟੀ (ਸ਼ਰਦਚੰਦਰ ਪਵਾਰ) ਦੀ ਆਗੂ ਸੁਪ੍ਰਿਆ ਸੂਲੇ ਨੇ ਕਿਹਾ ਕਿ ਦੇਸ਼ ਵਿੱਚ ਸੰਵਿਧਾਨ ਖ਼ਤਰੇ ਵਿੱਚ ਹੈ ਅਤੇ ਇੰਡੀਆ ਗੱਠਜੋੜ ਆਪਣੀ ਲੜਾਈ ਜਾਰੀ ਰੱਖੇਗਾ। ਵਿਰੋਧੀ ਧਿਰ ਦੇ ਆਗੂਆਂ ਨੇ ਕਿਹਾ ਕਿ ਉਹ ਚੋਣ ਪ੍ਰਕਿਰਿਆ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਆਪਣਾ ਵਿਰੋਧ ਜਾਰੀ ਰੱਖਣਗੇ। ਵਿਰੋਧੀ ਧਿਰ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਅਤੇ ਐੱਸ ਆਈ ਆਰ ਦੇ ਵਿਰੋਧ ਵਿੱਚ 6, 7, 8, 9 ਅਤੇ 12 ਅਕਤੂਬਰ ਨੂੰ ਪ੍ਰਦਰਸ਼ਨ ਕੀਤੇ ਸਨ। ਸੋਮਵਾਰ ਨੂੰ ਵੀ ਵਿਰੋਧੀ ਧਿਰ ਦੇ ਆਗੂਆਂ ਨੇ ਬਾਰਾਖੰਭਾ ਰੋਡ ਤੋਂ ਸੁਪਰੀਮ ਕੋਰਟ ਤੱਕ ਮਾਰਚ ਕੱਢਿਆ ਸੀ। ਇਸ ਵਿੱਚ ਕਾਂਗਰਸ ਅਤੇ ਸਮਾਜਵਾਦੀ ਪਾਰਟੀ ਸਮੇਤ 11 ਵਿਰੋਧੀ ਪਾਰਟੀਆਂ ਦੇ ਆਗੂ ਸ਼ਾਮਲ ਹੋਏ ਸਨ। ਇਸ ਤੋਂ ਇਲਾਵਾ, ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਐੱਸ ਆਈ ਆਰ ਦੇ ਵਿਰੋਧ ਵਿੱਚ ਸੁਪਰੀਮ ਕੋਰਟ ਵਿੱਚ ਪਟੀਸ਼ਨ ਵੀ ਦਾਇਰ ਕੀਤੀ ਹੈ। ਇੰਡੀਆ ਗੱਠਜੋੜ ਦੇ ਆਗੂਆਂ ਨੇ ਮੀਟਿੰਗ ਦੌਰਾਨ ਇਸ ਮੁੱਦੇ 'ਤੇ ਅੱਗੇ ਦੀ ਰਣਨੀਤੀ ਬਾਰੇ ਵਿਚਾਰ-ਵਟਾਂਦਰਾ ਕੀਤਾ।

ਸੀ ਪੀ ਆਈ ਆਗੂ ਡੀ ਰਾਜਾ ਨੇ ਕਿਹਾ ਕਿ ਇੰਡੀਆ ਬਲਾਕ ਦੇ ਸੀਨੀਅਰ ਆਗੂਆਂ ਨੇ ਮੌਜੂਦਾ ਰਾਜਨੀਤਿਕ ਸਥਿਤੀ ਅਤੇ ਸੀ ਈ ਸੀ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਚੱਲ ਰਹੇ ਅੰਦੋਲਨ ਦੇ ਅੱਗੇ ਵਧਣ ਦੇ ਤਰੀਕੇ ਬਾਰੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਵਿਰੁੱਧ ਗੁੱਸਾ ਵਿਆਪਕ ਹੈ ਅਤੇ ਜਨਤਕ ਥਾਵਾਂ 'ਤੇ ਪਾਬੰਦੀਆਂ ਵਿਰੋਧੀ ਧਿਰ ਨੂੰ ਨਹੀਂ ਰੋਕ ਸਕਦੀਆਂ। "ਦਿੱਲੀ ਸਾਡਾ ਸ਼ਹਿਰ ਹੈ ਪਰ ਹਰ ਜਗ੍ਹਾ ਬੈਰੀਕੇਡ ਹਨ। ਉਹ ਕਹਿੰਦੇ ਹਨ ਕਿ ਇਹ ਵਿਰੋਧ ਪ੍ਰਦਰਸ਼ਨਾਂ ਕਾਰਨ ਹੈ। ਹਾਂ, ਵਿਰੋਧ ਪ੍ਰਦਰਸ਼ਨ ਹੋਣਗੇ, ਅਤੇ ਤੁਸੀਂ ਉਨ੍ਹਾਂ ਨੂੰ ਦਬਾ ਨਹੀਂ ਸਕਦੇ," ਉਨ੍ਹਾਂ ਕਿਹਾ।

ਜੰਤਰ-ਮੰਤਰ ਨੂੰ ਵਿਰੋਧ ਸਥਾਨ ਵਜੋਂ ਡੀਨੋਟੀਫਾਈ ਕਰਨ ਦੀ ਸਖ਼ਤ ਨਿੰਦਾ ਕਰਦੇ ਹੋਏ, ਰਾਜਾ ਨੇ ਕਿਹਾ ਕਿ ਵਿਰੋਧੀ ਧਿਰ ਜਗ੍ਹਾ ਨੂੰ ਮੁੜ ਪ੍ਰਾਪਤ ਕਰਨ ਲਈ ਲੜੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਨੂੰ ਵਿਰੋਧ ਪ੍ਰਦਰਸ਼ਨ ਕਰਨ ਦਾ ਅਧਿਕਾਰ ਹੈ ਅਤੇ ਇਸ ਅਧਿਕਾਰ ਦੀ ਵਰਤੋਂ ਕਰਨ ਲਈ ਥਾਵਾਂ ਦੀ ਲੋੜ ਹੈ।

## ਕਨਾਟ ਪਲੇਸ ਵਿਖੇ ਤਿੱਖਾ ਵਿਰੋਧ ਪ੍ਰਦਰਸ਼ਨ

**ਨਵੀਂ ਦਿੱਲੀ** : ਕਾਂਗਰਸ ਦੇ ਯੁਵਾ ਵਿੰਗ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ਼ ਇੰਡੀਆ (ਐੱਨ ਐੱਸ ਯੂ ਆਈ) ਨੇ ਮੰਗਲਵਾਰ ਨੂੰ ਰਾਜੀਵ ਚੌਕ ਮੈਟਰੋ ਸਟੇਸ਼ਨ 'ਤੇ ਤਿੱਖਾ ਵਿਰੋਧ ਪ੍ਰਦਰਸ਼ਨ ਕੀਤਾ ਤੇ ਚੋਣ ਬੇਨਿਯਮੀਆਂ ਦੇ ਦੋਸ਼ਾਂ 'ਤੇ ਮੁੱਖ ਚੋਣ ਕਮਿਸ਼ਨਰ (ਸੀ ਈ ਸੀ) ਗਿਆਨੇਸ਼ ਕੁਮਾਰ ਦੇ ਤੁਰੰਤ ਅਸਤੀਫ਼ੇ ਦੀ ਮੰਗ ਕੀਤੀ। ਵਿਦਿਆਰਥੀ ਸੰਗਠਨ ਵੱਲੋਂ ਜਾਰੀ ਇੱਕ ਬਿਆਨ ਅਨੁਸਾਰ, ਵਿਰੋਧ ਪ੍ਰਦਰਸ਼ਨ ਦੀ ਅਗਵਾਈ ਜਥੇਬੰਦੀ ਦੇ ਰਾਸ਼ਟਰੀ ਪ੍ਰਧਾਨ ਵਿਨੋਦ ਜਾਖੜ ਕਰ ਰਹੇ ਸਨ, ਜਿਨ੍ਹਾਂ ਨੂੰ ਸੈਂਕੜੇ ਕਾਰਕੁੰਨਾਂ ਸਮੇਤ ਹਿਰਾਸਤ ਵਿੱਚ ਲੈ ਲਿਆ ਗਿਆ। ਜੰਤਰ-ਮੰਤਰ ਦੇ ਨੇੜੇ ਸਥਿਤ ਕਨਾਟ ਪਲੇਸ ਵਿੱਚ ਵੱਡੀ ਗਿਣਤੀ ਵਿੱਚ ਪੁਲਸ ਫੋਰਸ ਤਾਇਨਾਤ ਕੀਤੀ ਗਈ ਸੀ, ਜਦੋਂ ਪ੍ਰਦਰਸ਼ਨਕਾਰੀ ਰਾਜੀਵ ਚੌਕ ਮੈਟਰੋ ਸਟੇਸ਼ਨ ਦੇ ਗੇਟ 7 'ਤੇ ਇਕੱਠੇ ਹੋਏ ਅਤੇ ਗਿਆਨੇਸ਼ ਕੁਮਾਰ ਵਿਰੁੱਧ ਨਾਅਰੇਬਾਜ਼ੀ ਕੀਤੀ। ਜਾਖੜ ਨੇ ਕਿਹਾ ਕਿ ਵਿਦਿਆਰਥੀ ਕਾਰਕੁੰਨਾਂ ਦੀ ਹਿਰਾਸਤ ਚੋਣ ਕਮਿਸ਼ਨ ਤੋਂ ਜਵਾਬਦੇਹੀ ਦੀ ਉਨ੍ਹਾਂ ਦੀ ਮੰਗ ਨੂੰ ਸ਼ਾਂਤ ਨਹੀਂ ਕਰੇਗੀ। ਉਨ੍ਹਾਂ ਦੋਸ਼ ਲਾਇਆ ਕਿ ਅਧਿਕਾਰੀ ਸ਼ਾਂਤੀਪੂਰਨ ਵਿਰੋਧ ਪ੍ਰਦਰਸ਼ਨਾਂ ਨੂੰ ਰੋਕਣ ਲਈ ਤਾਕਤ ਦੀ ਵਰਤੋਂ ਕਰ ਰਹੇ ਹਨ। ਐੱਨ ਐੱਸ ਯੂ ਆਈ ਦੇ ਰਾਸ਼ਟਰੀ ਮੀਡੀਆ ਇੰਚਾਰਜ ਰਵੀ ਹਨੂੰਮਾਨ ਪਾਂਡੇ ਨੇ ਹਿਰਾਸਤ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਵੋਟ ਚੋਰੀ ਵਿਰੁੱਧ ਸੰਗਠਨ ਦਾ ਅੰਦੋਲਨ ਉਦੋਂ ਤੱਕ ਤੇਜ਼ ਹੋਵੇਗਾ, ਜਦੋਂ ਤੱਕ ਕੁਮਾਰ ਅਸਤੀਫਾ ਨਹੀਂ ਦੇ ਦਿੰਦੇ। ਇਹ ਘਟਨਾਕ੍ਰਮ ਦਿੱਲੀ ਪੁਲਸ ਵੱਲੋਂ ਜੰਤਰ-ਮੰਤਰ ਨੂੰ ਮਨੋਨੀਤ ਵਿਰੋਧ ਸਥਾਨ ਵਜੋਂ ਰੱਦ ਕਰਨ ਤੋਂ ਇੱਕ ਦਿਨ ਬਾਅਦ ਆਇਆ ਹੈ।

ਜੰਤਰ-ਮੰਤਰ ਵਿਖੇ ਪ੍ਰਦਰਸ਼ਨ ਕਰਨ ਜਾ ਰਹੇ ਕਾਕਰੋਚ ਜਨਤਾ ਪਾਰਟੀ ਦੇ ਸੀਨੀਅਰ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਰਾਂਕਾ ਨੂੰ ਦਿੱਲੀ ਪੁਲਸ ਨੇ ਮੰਗਲਵਾਰ ਨੂੰ ਹਿਰਾਸਤ ਵਿੱਚ ਲੈ ਲਿਆ। ਪੁਲਸ ਸਰੋਤਾਂ ਅਨੁਸਾਰ ਇਹ ਕਾਰਵਾਈ ਸ਼ਹਿਰ ਵਿੱਚ ਬਣਾਏ ਗਏ ਸੁਰੱਖਿਆ ਘੇਰੇ ਨੂੰ ਤੋੜਨ ਦੀ ਕੋਸ਼ਿਸ਼ ਤੋਂ ਬਾਅਦ ਕੀਤੀ ਗਈ। ਸੀ.ਜੇ.ਪੀ. ਦੇ ਬਾਨੀ ਅਭਿਜੀਤ ਦੀਪਕੇ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਪੋਸਟ ਰਾਹੀਂ ਦੱਸਿਆ ਕਿ ਪਾਰਟੀ ਦੇ ਆਗੂਆਂ ਅਜਿੰਕਿਆ ਸ਼ਿੰਦੇ ਸਮੇਤ ਕਈ ਹੋਰ ਟੀਮ ਮੈਂਬਰਾਂ ਨੂੰ ਵੀ ਪੁਲਸ ਵੱਲੋਂ ਹਿਰਾਸਤ ਵਿੱਚ ਲਿਆ ਗਿਆ ਹੈ। ਦੀਪਕੇ ਨੇ ਲਿਖਿਆ, "ਕੌਮੀ ਝੰਡੇ 'ਤਿਰੰਗੇ' ਨਾਲ ਸਾਡੇ ਸਾਥੀ ਮੰਗਲਵਾਰ ਸਵੇਰੇ ਜੰਤਰ-ਮੰਤਰ ਵਿੱਚ ਦਾਖ਼ਲ ਹੋਏ ਸਨ, ਜਿਸ ਤੋਂ ਬਾਅਦ



• ਬਾਕੀ ਸਫਾ 2 'ਤੇ

## ਸਾਡਾ ਟੀਚਾ ਬੱਚਿਆਂ ਨੂੰ ਪੈਰਾਂ 'ਤੇ ਖੜ੍ਹੇ ਹੋਣ ਦੇ ਸਮਰੱਥ ਬਣਾਉਣਾ : ਮਾਨ

**ਕਪੂਰਥਲਾ (ਨਵਾਂ ਜ਼ਮਾਨਾ ਸਰਵਿਸ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਕਿਹਾ ਕਿ ਸਾਡੀ ਸਰਕਾਰ ਨੌਜਵਾਨਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਦੇ ਯੋਗ ਬਣਾਉਣ ਲਈ ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਬਦਲਾਅ ਕਰ ਰਹੀ ਹੈ ਅਤੇ ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਡਾ ਮੁੱਖ ਟੀਚਾ ਨੌਕਰੀ ਲੱਭਣ ਵਾਲਿਆਂ ਨੂੰ ਨੌਕਰੀਆਂ ਦੇਣ ਵਾਲੇ ਬਣਾਉਣਾ ਹੈ।ਇੱਥੇ ਆਈ ਕੇ ਗੁਜਰਾਲ ਪੰਜਾਬ ਤਕਨੀਕੀ ਯੂਨੀਵਰਸਿਟੀ ਦੇ 14ਵੇਂ ਕਨਵੋਕੇਸ਼ਨ ਸਮਾਰੋਹ ਦੌਰਾਨ ਉਨ੍ਹਾ ਕਿਹਾ ਕਿ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਕਾਇਆ-



ਕਲਪ ਕਰਨ ਦੇ ਨਾਲ-ਨਾਲ ਮੈਰਿਟ ਦੇ ਆਧਾਰ 'ਤੇ 70,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ।ਮਾਨ ਨੇ ਭਾਜਪਾ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਹ ਪੰਜਾਬ ਨੂੰ ਬਦਨਾਮ ਕਰਨ ਦੀ ਬਜਾਏ ਗੁਜਰਾਤ ਤੋਂ ਨਸ਼ਿਆਂ ਦੀ ਸਪਲਾਈ ਨੂੰ ਰੋਕੇ।

ਮੁੱਖ ਮੰਤਰੀ ਨੇ ਕਿਹਾ ਕਿ ਆਮ ਪਰਵਾਰਾਂ ਦੇ 882 ਵਿਦਿਆਰਥੀਆਂ ਦਾ ਨੀਟ ਪ੍ਰੀਖਿਆ ਵਿੱਚ ਸਫ਼ਲ ਹੋਣਾ ਇਹ ਸਾਬਤ ਕਰਦਾ ਹੈ ਕਿ ਪ੍ਰਤਿਭਾ ਸਿਰਫ਼ ਵਿਸ਼ੇਸ਼ ਅਧਿਕਾਰ ਪ੍ਰਾਪਤ ਲੋਕਾਂ ਦੀ ਜਗੀਰ ਨਹੀਂ ਅਤੇ ਜਦੋਂ ਵਿਦਿਆਰਥੀਆਂ ਨੂੰ ਸਹੀ ਮੌਕੇ ਅਤੇ ਸਹਾਇਤਾ ਦਿੱਤੀ ਜਾਂਦੀ ਹੈ ਤਾਂ ਉਹ ਸ਼ਾਨਦਾਰ ਪ੍ਰਦਰਸ਼ਨ ਕਰ ਸਕਦੇ ਹਨ।

## ਆਪੋਜ਼ੀਸ਼ਨ ਦੀ ਪਟੀਸ਼ਨ 'ਤੇ ਸੁਣਵਾਈ ਨਹੀਂ ਹੋਈ

**ਨਵੀਂ ਦਿੱਲੀ (ਨ ਜ਼ ਸ)**

ਸੁਪਰੀਮ ਕੋਰਟ ਦੀ ਰਜਿਸਟਰੀ ਨੇ ਰਾਹੁਲ ਗਾਂਧੀ ਅਤੇ ਅਖਿਲੇਸ਼ ਯਾਦਵ ਸਮੇਤ 11 ਵਿਰੋਧੀ ਆਗੂਆਂ ਵੱਲੋਂ ਐੱਸ ਆਈ ਆਰ ਵਿੱਚ ਬੇਨੇਮੀਆਂ ਖਿਲਾਫ ਦਾਇਰ ਪਟੀਸ਼ਨ ਵਿੱਚ 14 ਕਮੀਆਂ ਵੱਲ ਇਸ਼ਾਰਾ ਕੀਤਾ ਹੈ। ਇਨ੍ਹਾਂ ਕਮੀਆਂ ਕਾਰਨ ਪਟੀਸ਼ਨ 'ਤੇ ਮੰਗਲਵਾਰ ਨੂੰ ਸੁਣਵਾਈ ਨਹੀਂ ਹੋ ਸਕੀ। ਰਜਿਸਟਰੀ ਨੇ ਪਟੀਸ਼ਨ ਦੇ ਨਾਲ ਜਮ੍ਹਾਂ ਕੀਤੇ ਗਏ ਦਸਤਾਵੇਜ਼ਾਂ ਵਿੱਚ ਕਮੀਆਂ ਵੱਲ ਵੀ ਧਿਆਨ ਦਿਵਾਇਆ। ਕੁਝ ਪੰਨੇ ਪੜ੍ਹਨਯੋਗ ਨਹੀਂ ਸਨ, ਜਦੋਂ ਕਿ ਕੁਝ ਗਾਇਬ ਸਨ। ਇਸ ਤੋਂ ਇਲਾਵਾ ਅਦਾਲਤੀ ਫੀਸ ਵੀ 220 ਰੁਪਏ ਘੱਟ ਸੀ। ਰਜਿਸਟਰੀ ਨੇ ਕੁੱਲ 14 ਕਮੀਆਂ ਨੋਟ ਕੀਤੀਆਂ। ਰਜਿਸਟਰੀ ਨੇ ਕਿਹਾ ਕਿ ਉਸ ਨੇ ਪਟੀਸ਼ਨ ਦਾਇਰ ਕਰਨ ਵਾਲੇ ਵਕੀਲ ਤੋਂ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਦੇ ਆਈ ਡੀ ਕਾਰਡ ਦੀ ਇੱਕ ਸਪੱਸ਼ਟ ਕਾਪੀ ਮੰਗੀ ਹੈ। ਇਸ ਨੇ ਨੌਂ ਪਟੀਸ਼ਨਰਾਂ ਤੋਂ ਪਟੀਸ਼ਨ ਦਾਇਰ ਕਰਨ ਲਈ ਲਿਖਤੀ ਸਹਿਮਤੀ ਵੀ ਮੰਗੀ ਹੈ।

12 ਅਕਤੂਬਰ ਨੂੰ ਦਾਇਰ ਪਟੀਸ਼ਨ ਵਿੱਚ ਭਾਰਤ ਦੇ ਚੋਣ ਕਮਿਸ਼ਨ, ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਹੋਰ ਚੋਣ ਕਮਿਸ਼ਨਰਾਂ ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ ਨੂੰ ਧਿਰ ਬਣਾਇਆ ਗਿਆ ਹੈ। ਰਾਹੁਲ ਗਾਂਧੀ ਅਤੇ ਕਈ ਹੋਰ ਵਿਰੋਧੀ ਆਗੂਆਂ ਨੇ ਸੋਮਵਾਰ ਪਟੀਸ਼ਨ ਦਾਇਰ ਕਰਨ ਲਈ ਸੁਪਰੀਮ ਕੋਰਟ ਵੱਲ ਮਾਰਚ ਕੀਤਾ। ਪਟੀਸ਼ਨ ਵਿੱਚ ਸੁਪਰੀਮ ਕੋਰਟ ਦੇ ਇੱਕ ਸੇਵਾਮੁਕਤ ਜੱਜ ਦੀ ਅਗਵਾਈ ਵਿੱਚ ਇੱਕ ਸੁਤੰਤਰ ਕਮੇਟੀ ਦੇ ਗਠਨ ਦੀ ਮੰਗ ਕੀਤੀ ਗਈ ਹੈ, ਜਿਸ ਵਿੱਚ ਤਕਨੀਕੀ ਮਾਹਿਰ ਅਤੇ ਉੱਘੇ ਨਾਗਰਿਕ ਸ਼ਾਮਲ ਹੋਣ।

ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਇਸ ਕਮੇਟੀ ਨੂੰ ਵੋਟਰ ਸੂਚੀ ਵਿੱਚੋਂ ਹਟਾਏ ਗਏ ਨਾਵਾਂ ਅਤੇ ਐੱਸ ਆਈ ਆਰ ਦੌਰਾਨ ਕੀਤੇ ਗਏ ਬਦਲਾਅ ਦਾ ਨਿਰਧਾਰਤ ਸਮੇਂ ਦੇ ਅੰਦਰ ਸੁਤੰਤਰ ਆਡਿਟ ਕਰਵਾਉਣਾ ਚਾਹੀਦਾ ਹੈ।

## ਹੈਂਡ ਗ੍ਰਨੇਡ ਤੇ ਪਿਸਤੌਲ ਸਣੇ 6 ਗ੍ਰਿਫ਼ਤਾਰ

**ਅਟਾਰੀ (ਸਤਬੀਰ ਭੀਲ)**

ਅੰਮ੍ਰਿਤਸਰ ਦਿਹਾਤੀ ਪੁਲਸ ਨੇ ਪਾਕਿਸਤਾਨ ਆਈ ਐੱਸ ਆਈ-ਸਮਰਥਿਤ ਗੈਰ-ਕਾਨੂੰਨੀ ਹਥਿਆਰ ਅਤੇ ਵਿਸਫੋਟਕ ਸਪਲਾਈ ਨੈੱਟਵਰਕ ਦਾ ਪਰਦਾ ਫਾਸ਼ ਕਰਦਿਆਂ ਪੁਲਸ ਅਦਾਰਿਆਂ 'ਤੇ ਹਮਲਾ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ ਅਤੇ ਮਈ ਵਿੱਚ ਆਰਮੀ ਛਾਉਣੀ ਖਾਸਾ ਨੇੜੇ ਹੋਏ ਧਮਾਕੇ ਸਬੰਧੀ ਮਾਮਲੇ ਨੂੰ ਸੁਲਝਾ ਲਿਆ ਹੈ। ਪੁਲਸ ਟੀਮਾਂ ਨੇ ਦੋ ਆਪਸ ਵਿੱਚ ਜੁੜੇ ਮਾਮਲਿਆਂ ਵਿੱਚ ਕੁੱਲ ਛੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਹੈਂਡ ਗ੍ਰਨੇਡ ਅਤੇ ਇੱਕ 9 ਐੱਮ ਐੱਮ ਪਿਸਤੌਲ ਸਮੇਤ



ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਪੁਲਸ ਅਦਾਰਿਆਂ 'ਤੇ ਹਮਲੇ ਦੀ ਸਾਜ਼ਿਸ਼ ਦੇ ਸੰਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਵਦੀਪ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਣਾ, ਧਰਮਕੋਟ, ਮੋਗਾ ਸੈਮੂਅਲ ਉਰਫ਼ ਸਾਮੂ ਤੇ ਸੰਦੀਪ ਸਿੰਘ ਉਰਫ਼ ਟਿੱਡੀ ਦੋਵੇਂ ਵਾਸੀ ਮੇਨੇਵਾਲਾ, ਮੋਗਾ ਵਜੋਂ ਕੀਤੀ ਗਈ ਹੈ। ਖਾਸਾ ਛਾਉਣੀ ਵਿਖੇ ਆਈ ਈ ਡੀ ਧਮਾਕੇ ਨੂੰ ਅੰਜ਼ਾਮ ਦੇਣ ਲਈ ਗ੍ਰਿਫ਼ਤਾਰ ਕੀਤੇ ਗਏ ਤਿੰਨ ਕਾਰਕੁਨਾਂ ਦੀ ਪਛਾਣ ਰਮਨਦੀਪ ਸਿੰਘ, ਜੱਜਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਉਰਫ਼ ਕੇਕੜਾ ਤਿੰਨੋਂ ਵਾਸੀ ਪੁਰਾਣੀ ਦਾਣਾ ਮੰਡੀ ਅਟਾਰੀ, ਅੰਮ੍ਰਿਤਸਰ ਵਜੋਂ ਕੀਤੀ ਗਈ ਹੈ। ਮੁੱਢਲੀ ਜਾਂਚ ਦੌਰਾਨ ਇਸ ਮਡਿਊਲ ਦੇ ਵਿਦੇਸ਼ੀ ਤਸਕਰਾਂ ਅਤੇ ਆਈ ਐੱਸ ਆਈ ਦੇ ਕਾਰਕੁਨਾਂ ਨਾਲ ਕਥਿਤ ਸੰਬੰਧ ਸਾਹਮਣੇ ਆਏ ਹਨ ਅਤੇ ਪੂਰੇ ਨੈੱਟਵਰਕ ਦਾ ਪਰਦਾ ਫਾਸ਼ ਕਰਨ ਦੇ ਨਾਲ-ਨਾਲ ਅਗਲੇ-ਪਿਛਲੇ ਸੰਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਆਈ ਜੀ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ

• ਬਾਕੀ ਸਫਾ 2 'ਤੇ

## ਐੱਮ ਡੀ ਆਰ ਦਾ ਫੈਸਲਾ ਮੁਲਤਵੀ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਵੱਡਾ ਫ਼ੈਸਲਾ ਲੈਂਦਿਆਂ ਚੋਣਵੇਂ ਵਪਾਰਕ ਲੈਣ-ਦੇਣ 'ਤੇ ਲੱਗਣ ਵਾਲੇ ਮਰਚੈਂਟ ਡਿਸਕਾਊਂਟ ਰੇਟ (ਐੱਮ ਡੀ ਆਰ) ਨੂੰ ਦੀਵਾਲੀ ਤੋਂ ਬਾਅਦ ਤੱਕ ਲਈ ਮੁਲਤਵੀ ਕਰ ਦਿੱਤਾ ਹੈ। 'ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ਼ ਇੰਡੀਆ' ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਯੂ.ਪੀ.ਆਈ. ਐਂਡ ਸਰਵਿਸਿਜ਼ ਸਟੀਅਰਿੰਗ ਕਮੇਟੀ ਨੇ ਚੋਣਵੇਂ 'ਪਰਸਨ-ਟੂ-ਮਰਚੈਂਟ' ਲੈਣ-ਦੇਣ 'ਤੇ ਐੱਮ.ਡੀ.ਆਰ. ਲਾਗੂ ਕਰਨ ਦੀ ਤਾਰੀਖ ਅੱਗੇ ਵਧਾ ਦਿੱਤੀ ਹੈ, ਜਿਸ ਦੀ ਨਵੀਂ ਤਾਰੀਖ ਦਾ ਐਲਾਨ ਦੀਵਾਲੀ ਤੋਂ ਬਾਅਦ ਵੱਖਰੇ ਤੌਰ 'ਤੇ ਕੀਤਾ ਜਾਵੇਗਾ।

## ਈ ਸੀ ਆਰ ਭਰਨ ਦੀ ਤਰੀਕ ਵਧਾਈ

**ਨਵੀਂ ਦਿੱਲੀ** : ਕਰਮਚਾਰੀ ਭਵਿੱਖ ਨਿਧੀ ਸੰਗਠਨ (ਈ ਪੀ ਐੱਫ ਓ) ਨੇ ਰੁਜ਼ਗਾਰਦਾਤਾਵਾਂ ਨੂੰ ਰਾਹਤ ਦਿੰਦਿਆਂ ਸਤੰਬਰ 2026 ਦੀਆਂ ਤਨਖਾਹਾਂ ਸਬੰਧੀ ਇਲੈਕਟ੍ਰਾਨਿਕ ਚਲਾਨ-ਕਮ-ਰਿਟਰਨ (ਈ ਸੀ ਆਰ) ਭਰਨ ਅਤੇ ਭਵਿੱਖ ਨਿਧੀ (ਪੀ ਐੱਫ) ਦਾ ਲਾਜ਼ਮੀ ਯੋਗਦਾਨ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ 15 ਅਕਤੂਬਰ ਤੋਂ ਵਧਾ ਕੇ 31 ਅਕਤੂਬਰ ਕਰ ਦਿੱਤੀ ਹੈ। ਇਹ ਫੈਸਲਾ ਤਨਖਾਹ ਦੀ ਹੱਦ ਵਿੱਚ ਸੋਧ ਤੋਂ ਬਾਅਦ ਕਈ ਅਦਾਰਿਆਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਮੱਦੇਨਜ਼ਰ ਲਿਆ ਗਿਆ ਹੈ। ਆਖਰੀ ਤਰੀਕ ਵਿੱਚ ਇਹ ਵਾਧਾ ਸਿਰਫ ਸਤੰਬਰ ਦੀ ਈ ਸੀ ਆਰ ਭਰਨ ਵਾਸਤੇ ਹੈ।

## 'ਆਪ' ਵੱਲੋਂ ਕੌਂਸਲਰ ਨਿਧੀ ਗੁਪਤਾ ਨੂੰ ਕਾਰਨ ਦੱਸੋ ਨੋਟਿਸ

**ਲੁਧਿਆਣਾ** : ਆਮ ਆਦਮੀ ਪਾਰਟੀ ਨੇ ਲੁਧਿਆਣਾ ਪੂਰਬੀ ਤੋਂ ਆਪਣੀ ਕੌਂਸਲਰ ਨਿਧੀ ਗੁਪਤਾ 'ਤੇ ਕਥਿਤ ਪਾਰਟੀ ਵਿਰੋਧੀ ਸਰਗਰਮੀਆਂ ਵਿੱਚ ਸ਼ਾਮਲ ਹੋਣ, ਵੱਖਰਾ ਧੜਾ ਬਣਾਉਣ ਅਤੇ ਪਾਰਟੀ ਲੀਡਰਸ਼ਿਪ ਨਾਲ ਤਾਲਮੇਲ ਬਣਾਉਣ ਵਿੱਚ ਨਾਕਾਮ ਰਹਿਣ ਦੇ ਦੋਸ਼ ਲਾਉਂਦਿਆਂ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। 13 ਅਕਤੂਬਰ ਦੇ ਨੋਟਿਸ ਵਿੱਚ ਆਪ ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਗੁਪਤਾ ਨੂੰ ਨੋਟਿਸ ਮਿਲਣ ਦੇ 7 ਦਿਨਾਂ ਦੇ ਅੰਦਰ ਆਪਣਾ ਸਪੱਸ਼ਟੀਕਰਨ ਦੇਣ ਲਈ ਕਿਹਾ ਹੈ। ਪਾਰਟੀ ਨੇ ਚੇਤਾਵਨੀ ਦਿੱਤੀ ਕਿ ਜੇ ਉਨ੍ਹਾਂ ਦਾ ਜਵਾਬ ਤਸੱਲੀਬਖ਼ਸ਼ ਨਾ ਪਾਇਆ ਗਿਆ ਤਾਂ ਉਨ੍ਹਾਂ ਖ਼ਿਲਾਫ਼ ਅਨੁਸ਼ਾਸਨੀ ਕਾਰਵਾਈ ਕੀਤੀ ਜਾ ਸਕਦੀ ਹੈ।

## ਭਗਵੰਤ ਮਾਨ ਦੇ ਸਾਬਕਾ ਓ ਐੱਸ ਡੀ ਮਨਜੀਤ ਸਿੱਧੂ ਕਾਂਗਰਸ 'ਚ ਸ਼ਾਮਲ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਦੇ ਸਾਬਕਾ ਓ ਐੱਸ ਡੀ ਅਤੇ ਨਜ਼ਦੀਕੀ ਦੋਸਤ ਮਨਜੀਤ ਸਿੰਘ ਸਿੱਧੂ ਨੇ ਮੰਗਲਵਾਰ ਨੂੰ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।



ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਇੱਥੇ ਉਨ੍ਹਾ ਦਾ ਪਾਰਟੀ 'ਚ ਸਵਾਗਤ ਕੀਤਾ ਗਿਆ। ਜਨਵਰੀ 2023 'ਚ ਸਿੱਧੂ ਨੂੰ ਮੁੱਖ ਮੰਤਰੀ ਦੇ ਓ ਐੱਸ ਡੀ ਵਜੋਂ ਤਾਇਨਾਤੀ ਮਿਲੀ ਸੀ, ਪਰ ਕੁਝ ਸਮੇਂ ਮਗਰੋਂ ਹੀ ਸਿਹਤ ਦੇ ਹਵਾਲੇ ਨਾਲ ਉਨ੍ਹਾ 18 ਨਵੰਬਰ 2023 ਨੂੰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਸੀ। ਸਿੱਧੂ ਪੁਰਾਣੇ ਪੱਤਰਕਾਰ ਹਨ ਅਤੇ ਮੁੱਖ ਮੰਤਰੀ ਦੇ ਬਚਪਨ ਦੇ ਦੋਸਤ ਰਹੇ ਹਨ। ਕਾਲਜ ਦੇ ਦਿਨਾਂ 'ਚ ਇਕੱਠੇ ਰਹੇ ਹਨ।

## ਪਰਵਿੰਦਰ ਝੋਟਾ ਦੀ ਹੱਤਿਆ, 4 ਜ਼ਖਮੀ

**ਮਾਨਸਾ (ਆਤਮਾ ਸਿੰਘ ਪਮਾਰ, ਰੀਤਵਾਲ)**

ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦ ਮੰਗਲਵਾਰ ਸਵੇਰੇ ਹੱਤਿਆ ਕਰ ਦਿੱਤੀ ਗਈ। ਮੈਡੀਕਲ ਸਟੋਰ ਮਾਲਕ ਨੇ ਤਾਬੜਤੋੜ ਗੋਲੀਆਂ ਮਾਰੀਆਂ ਅਤੇ ਇਹ ਗੋਲੀਆਂ ਇੰਨੇ ਕਰੀਬੋਂ ਮਾਰੀਆਂ ਗਈਆਂ ਕਿ ਉਹ ਝੋਟਾ ਦੇ ਸਰੀਰ ਦੇ ਆਰ-ਪਾਰ ਹੋ ਗਈਆਂ। ਘਟਨਾ ਦੌਰਾਨ ਪਰਵਿੰਦਰ ਸਿੰਘ ਝੋਟਾ ਦੇ ਫੇਸਬੁੱਕ ਪੇਜ 'ਤੇ 5 ਮਿੰਟ 48 ਸਕਿੰਟ ਦੀ ਲਾਈਵ ਵੀਡੀਓ ਬਣਾਈ ਗਈ ਸੀ, ਜਿਸ ਵਿੱਚ ਗੋਲੀਆਂ ਚੱਲਣ ਦੀ ਆਵਾਜ਼ ਸੁਣਾਈ ਦਿੰਦੀ ਹੈ। ਵੀਡੀਓ ਵਿੱਚ ਝੋਟਾ ਅਤੇ ਉਨ੍ਹਾਂ ਦੇ ਸਾਥੀ ਨਸ਼ਿਆਂ ਨਾਲ ਜੁੜੇ ਮੁੱਦੇ 'ਤੇ ਦਵਾਈਆਂ ਦੀ ਦੁਕਾਨ ਦੇ ਮਾਲਕ ਨਾਲ ਬਹਿਸ ਕਰਦੇ ਨਜ਼ਰ ਆ ਰਹੇ ਹਨ। ਇਸੇ ਦੌਰਾਨ ਗੋਲੀਬਾਰੀ ਹੋ ਗਈ। ਝੋਟੇ ਨੂੰ ਗੋਲੀ ਮਾਰਨ ਤੋਂ ਬਾਅਦ ਮੁਲਜ਼ਮ ਅਸ਼ਵਨੀ ਕੁਮਾਰ ਨੇ ਪਿੱਛੇ ਜਾ ਕੇ ਝੋਟੇ ਤੇ ਉਸ ਦੇ ਸਾਥੀਆਂ 'ਤੇ ਹੋਰ ਗੋਲੀਆਂ ਚਲਾਈਆਂ।ਝੋਟਾ ਇੱਕ ਬੂਟਾਂ ਵਾਲੀ ਦੁਕਾਨ 'ਚ ਲਹੂ ਨਾਲ ਲੱਥ-ਪੱਥ ਹੋ ਕੇ ਡਿੱਗ ਪਿਆ, ਜਦੋਂ ਕਿ ਉਸ ਦੇ ਸਾਥੀਆਂ ਨੇ



ਭੱਜ ਕੇ ਆਪਣੀ ਜਾਨ ਬਚਾਈ।ਪਰਿਵਾਰ ਨੇ ਨਿਆਂ ਮਿਲਣ ਤੱਕ ਉਸ ਦਾ ਅੰਤਿਮ ਸੰਸਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ।

ਝੋਟਾ ਮਾਨਸਾ ਵਿੱਚ ਲੰਬੇ ਸਮੇਂ ਤੋਂ ਨਸ਼ੇ ਦਾ ਵਿਰੋਧ ਕਰ ਰਿਹਾ ਸੀ। ਉਹ ਨਾ ਕੇਵਲ ਨਸ਼ਾ ਵੇਚਣ ਤੋਂ ਰੋਕਦਾ ਸੀ, ਬਲਕਿ ਨਸ਼ਾ ਵੇਚਣ ਵਾਲਿਆਂ ਨੂੰ ਵੀ ਫੜਦਾ ਸੀ। ਇਸ ਨੂੰ ਲੈ ਕੇ ਕਈ ਵਾਰ ਉਸ ਦਾ

• ਬਾਕੀ ਸਫਾ 2 'ਤੇ

## ਈ ਡੀ ਵੱਲੋਂ ਘੁੰਮਣ ਖਿਲਾਫ ਕੇਸ ਦਰਜ

**ਚੰਡੀਗੜ੍ਹ** : ਈ ਡੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ ਐੱਸ ਡੀ ਰਾਜਬੀਰ ਸਿੰਘ ਘੁੰਮਣ ਖ਼ਿਲਾਫ਼ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਵਿਅਕਤੀਆਂ ਵੱਲੋਂ ਭ੍ਰਿਸ਼ਟਾਚਾਰ ਅਤੇ ਰਸੂਖ਼ ਦੀ ਵਰਤੋਂ ਕਰਨ ਦੇ ਦੋਸ਼ਾਂ ਦੇ ਸੰਬੰਧ ਵਿੱਚ ਜਲੰਧਰ 'ਚ ਕੇਸ ਦਰਜ ਕੀਤਾ ਹੈ। ਇਹ ਘਟਨਾਕ੍ਰਮ ਸੁਪਰੀਮ ਕੋਰਟ ਵੱਲੋਂ ਕੇਂਦਰੀ ਜਾਂਚ ਬਿਊਰੋ (ਸੀ ਬੀ ਆਈ) ਵੱਲੋਂ ਦਰਜ ਕੇਸ ਵਿੱਚ ਕੋਈ ਸਖ਼ਤ ਕਾਰਵਾਈ ਨਾ ਕਰਨ ਦੇ ਦਿੱਤੇ ਨਿਰਦੇਸ਼ਾਂ ਤੋਂ ਇੱਕ ਦਿਨ ਬਾਅਦ ਸਾਹਮਣੇ ਆਇਆ ਹੈ, ਜਦ ਕਿ ਅਦਾਲਤ ਨੇ ਐੱਫ ਆਈ ਆਰ 'ਤੇ ਰੋਕ ਲਗਾਉਣ ਜਾਂ ਜਾਂਚ ਰੋਕਣ ਤੋਂ ਇਨਕਾਰ ਕਰ ਦਿੱਤਾ ਸੀ।

ਅਦਾਲਤ ਨੇ ਪੰਜਾਬ ਸਰਕਾਰ ਨੂੰ ਜਾਂਚ ਵਿੱਚ ਸਹਿਯੋਗ ਕਰਨ ਦੇ ਨਿਰਦੇਸ਼ ਵੀ ਦਿੱਤੇ ਸਨ। 'ਆਪ' ਵੱਲੋਂ ਜਾਰੀ ਇੱਕ ਅਧਿਕਾਰਤ ਬਿਆਨ ਵਿੱਚ ਕਿਹਾ ਗਿਆ ਹੈ ਕਿ ਈ ਡੀ ਵੱਲੋਂ ਘੁੰਮਣ ਖ਼ਿਲਾਫ਼ ਕੇਸ ਦਰਜ ਕਰਨ ਵਿੱਚ ਦਿਖਾਈ ਗਈ ਕਾਹਲੀ ਹੈਰਾਨੀਜਨਕ ਹੈ, ਕਿਉਂਕਿ ਸੁਪਰੀਮ ਕੋਰਟ ਨੇ ਸੀ ਬੀ ਆਈ ਨੂੰ 21 ਜਨਵਰੀ ਨੂੰ ਹੋਣ ਵਾਲੀ ਅਗਲੀ ਸੁਣਵਾਈ ਤੱਕ ਕੋਈ ਵੀ ਸਖ਼ਤ ਕਾਰਵਾਈ ਨਾ ਕਰਨ ਲਈ ਕਿਹਾ ਹੈ।

## ਮਿਲਾਵਟੀ ਖਾਦਾਂ ਦੀ ਰੋਕਥਾਮ ਲਈ ਮੁਹਾਲੀ 'ਚ ਟੈਸਟਿੰਗ ਲੈਬ ਸਥਾਪਤ



**ਮੁਹਾਲੀ (ਨ ਜ਼ ਸ)**-ਪੰਜਾਬ ਵਿੱਚ ਕੁਦਰਤੀ ਤੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਨੂੰ ਮਿਆਰੀ ਉਤਪਾਦਾਂ ਦੀ ਉਪਲਬਧਤਾ ਯਕੀਨੀ ਬਣਾਉਣ ਦੇ ਮੰਤਵ ਨਾਲ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੰਗਲਵਾਰ ਨੂੰ ਮੁਹਾਲੀ ਦੇ ਕਾਲਕਟ ਭਵਨ ਵਿਚ ਇੱਕ ਅਤਿ-ਆਧੁਨਿਕ ਬਾਇਓ-ਫਰਟੀਲਾਈਜ਼ਰ ਟੈਸਟਿੰਗ ਲੈਬਾਰਟਰੀ ਦਾ

• ਬਾਕੀ ਸਫਾ 2 'ਤੇ

## ਗਿਆਨੇਸ਼ ਦਾ ਪੁਤਲਾ ਫੂਕਿਆ

**ਅੰਮ੍ਰਿਤਸਰ (ਨ ਜ਼ ਸ)**-ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਜ਼ਿਲ੍ਹਾ ਅੰਮ੍ਰਿਤਸਰ ਨੇ ਮੰਗਲਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਭਾਰਤ ਦੀ ਜਮਹੂਰੀਅਤ ਦੇ ਵੋਟ ਚੋਰੀ ਕਰਕੇ ਕੀਤੇ ਜਾ ਰਹੇ ਕਤਲ ਦੇ ਵਿਰੋਧ ਵਿੱਚ ਉਸ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾਈ ਆਗੂ ਲਖਬੀਰ ਸਿੰਘ ਨਿਜ਼ਾਮਪੁਰ, ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰ, ਰਿਟਾਇਰਡ ਖੇਤੀ ਅਫਸਰ ਕੁਲਦੀਪ ਸਿੰਘ ਫਤਿਹਪੁਰ ਨੇ ਮੁੱਖ ਚੋਣ ਕਮਿਸ਼ਨਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਦੇਸ਼ ਅੰਦਰ ਵੋਟ ਸੁਧਾਈ ਦੇ ਨਾਂਅ ਉਪਰ 13 ਕਰੋੜ ਲੋਕਾਂ ਦੀਆਂ ਵੋਟਾਂ ਕੱਟ ਕੇ ਭਾਜਪਾ, ਆਰ ਐੱਸ ਐੱਸ ਦੇ ਹੁਕਮਾਂ 'ਤੇ ਜਮਹੂਰੀਅਤ ਨੂੰ ਖਤਮ ਕੀਤਾ ਜਾ ਰਿਹਾ ਹੈ।ਬੁਲਾਰਿਆਂ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਖਿਲਾਫ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕੀਤਾ ਜਾਵੇ ਅਤੇ ਨਿਰਪੱਖ ਚੋਣ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ।ਐੱਸ ਆਈ ਆਰ ਰੱਦ ਕਰਕੇ ਕੱਟੀਆਂ ਵੋਟਾਂ ਬਹਾਲ ਕੀਤੀਆਂ ਜਾਣ।ਜਿਹੜੇ ਸੂਬਿਆਂ ਦੀਆਂ ਚੋਣਾਂ ਐੱਸ ਆਈ ਆਰ ਤੋਂ ਬਾਅਦ ਕੀਤੀਆਂ ਗਈਆਂ ਹਨ, ਉਹ ਰੱਦ



• ਬਾਕੀ ਸਫਾ 2 'ਤੇ

## ਪਾਸ਼ ਦੀ ਪਤਨੀ, ਧੀ ਤੇ ਪਰਵਾਰ ਦਾ ਲੋਕਾਂ ਦੇ ਨਾਂਅ ਸੁਨੇਹਾ

**ਸ਼ਾਹਕੋਟ (ਗਿਆਨ ਸੈਦਪੁਰੀ)**-ਕਵੀ ਪਾਸ਼ ਅਤੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਸੰਬੰਧੀ ਪਾਸ਼ ਦੀ ਜੀਵਨ ਸਾਥਣ ਰਾਜਵਿੰਦਰ ਰਾਣੀ, ਧੀ ਵਿੰਕਲ, ਭੈਣ ਪਰਮਿੰਦਰ ਗਿੱਲ, ਰਜਿੰਦਰ ਕੌਰ ਅਤੇ ਭਰਾ ਓਂਕਾਰ ਸਿੰਘ ਨੇ ਅਮਰੀਕਾ ਅਤੇ ਹਾਲੈਂਡ ਤੋਂ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਕੱਖਾਂ ਦੀ ਕੁੱਲੀ ਦੇ ਕਵੀ ਪਾਸ਼ ਦੀ ਕਵਿਤਾ ਅਤੇ ਵਿਰਾਸਤੀ ਯਾਦਗਾਰ ਦੀ ਸਲਾਮਤੀ ਲਈ ਉਠਾਈ ਆਵਾਜ਼ ਸੰਗ ਆਵਾਜ਼ ਮਿਲਾਈ ਹੈ।

ਉਹਨਾਂ ਸਭਨਾਂ ਬਹੁਤ ਹੀ ਮਾਣਮੱਤੇ ਅੰਦਾਜ਼ ਕਿਹਾ ਹੈ ਕਿ ਕੁੱਲ ਦੁਨੀਆ ਅੰਦਰ ਤਲਵੰਡੀ ਸਲੇਮ ਪਾਸ਼ ਅਤੇ ਹੰਸ ਰਾਜ ਨੂੰ ਬਹੁਤ ਹੀ ਅਦਬ ਨਾਲ ਯਾਦ ਕੀਤਾ ਜਾਂਦਾ ਹੈ। ਸਾਨੂੰ ਆਪਣੀ ਮਿੱਟੀ 'ਤੇ ਮਾਣ ਹੈ ਕਿ ਇਸ ਦੇ ਬਸ਼ਿੰਦੇ ਬਹੁਤ ਹੀ ਗਹਿਰਾਈ ਅਤੇ ਸੂਝ- ਬੂਝ ਨਾਲ ਸੋਚਦੇ ਵਿਚਾਰਦੇ ਹੋਏ ਉਸੇ ਤਰ੍ਹਾਂ ਹੀ ਆਪਣੇ ਨਗਰ ਦੇ ਜਾਏ ਸ਼ਹੀਦ ਸਪੂਤ ਨੂੰ ਅਦਬ ਦਿੰਦੇ ਰਹਿਣਗੇ, ਜਿਵੇਂ ਸਾਰਾ ਨਗਰ ਇੱਕਜੁੱਟ ਹੋ ਕੇ ਬੀਤੇ 38 ਵਰ੍ਹਿਆਂ ਤੋਂ ਦਿੰਦਾ ਆ ਰਿਹਾ ਹੈ। ਉਹਨਾਂ ਬਹੁਤ ਹੀ ਜਜ਼ਬਾਤੀ ਰੌਂਅ 'ਚ ਕਿਹਾ ਕਿ ਪਾਸ਼ ਅਤੇ ਹੰਸ ਰਾਜ ਦੀ ਸ਼ਹਾਦਤ ਦਾ ਨਾਸੂਰ ਪੂਰੇ ਨਗਰ ਅਤੇ ਨਗਰ ਨਾਲ਼ ਕਿਸੇ ਨਾ ਕਿਸੇ ਰੂਪ ਵਿਚ ਜੁੜੇ ਲੋਕਾਂ ਦੇ ਮਨਾਂ ਅੰਦਰ ਰਿਸਦਾ ਹੈ।

ਉਹਨਾਂ ਕਿਹਾ ਕਿ ਪਾਸ਼ ਦੀ ਕਲਮ ਅਤੇ ਹਰ ਪੱਖੋਂ ਦਰੜੇ ਭਾਈ ਲਾਲੋਆਂ ਨੂੰ ਜਗਾਉਣ ਅਤੇ ਰਾਤਾਂ ਨੂੰ ਰੁਸ਼ਨਾਉਣ ਦਾ ਕੰਮ ਕਰਦੀ ਹੈ। ਇਸ ਲਈ ਅਸੀਂ ਗੌਰਵ ਨਾਲ ਕਹਿ ਸਕਦੇ ਹਾਂ ਕਿ ਸਾਡਾ ਨਗਰ ਆਪਣੇ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਵਿਗੜੀ ਅਮਨ-ਕਾਨੂੰਨ ਦੀ ਪਈ ਹਾਲਤ,
ਬੱਝੀ ਕਤਲਾਂ ਦੀ ਲੱਗ ਰਹੀ ਪਾਲ ਮੀਆਂ।
ਪਹਿਲੇ ਕਤਲ ਦੀ ਅਜੇ ਨਾ ਜਾਂਚ ਮੁੱਕਦੀ,
ਦੂਸਰਾ ਹੋ ਜਾਂਦਾ ਈ ਉਹਦੇ ਨਾਲ ਮੀਆਂ।
ਦਾਅਵੇ ਪੁਲਸ ਦੇ ਵੱਲੋਂ ਫਿਰ ਹੋਣ ਇਹੀ,
ਹੁੰਦੀ ਮੁਜਰਮਾਂ ਦੀ ਪਈ ਹੈ ਭਾਲ ਮੀਆਂ।
ਸਰਕਾਰ ਕਹੇ ਕੋਈ ਦੋਸ਼ੀ ਨਾ ਛੱਡਣੇ ਈ,
ਇਹੋ ਤੇ ਨਿੱਤ ਦਾ ਹੋ ਗਿਆ ਹਾਲ ਮੀਆਂ।
ਵੱਡੀ ਕਤਲਾਂ ਦੇ ਮਗਰ ਕੋਈ ਚਾਲ ਦਿੱਸੇ,
ਸਾਜ਼ਿਸ਼ ਗਹਿਰੀ ਆ ਆਖਦੇ ਲੋਕ ਮੀਆਂ।
ਲੱਭਣੀ ਸਾਜ਼ਿਸ਼ ਵੀ ਕੰਮ ਸਰਕਾਰ ਦਾ ਈ,
ਕਿੱਥੋਂ ਚਿੰਬੜ ਗਈ ਸਾਜ਼ਿਸ਼ੀ ਜੋਕ ਮੀਆਂ।

-ਤੀਸ ਮਾਰ ਖਾਂ

## 38 ਪੱਤਰਕਾਰਾਂ ਨੂੰ ਹਿਰਾਸਤ 'ਚ ਲੈਣ ਦੀ ਐਡੀਟਰਜ਼ ਗਿਲਡ ਵੱਲੋਂ ਨਿੰਦਾ

**ਨਵੀਂ ਦਿੱਲੀ (ਨ ਜ਼ ਸ)**

ਐਡੀਟਰਜ਼ ਗਿਲਡ ਆਫ ਇੰਡੀਆ ਨੇ 10 ਅਤੇ 11 ਅਕਤੂਬਰ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਹੋਏ ਵਿਰੋਧ ਪ੍ਰਦਰਸ਼ਨਾਂ ਨੂੰ ਕਵਰ ਕਰਨ ਵਾਲੇ ਘੱਟੋ-ਘੱਟ 38 ਪੱਤਰਕਾਰਾਂ ਦੀ ਹਿਰਾਸਤ ਦੀ ਨਿੰਦਾ ਕੀਤੀ ਹੈ ਅਤੇ ਕਮੇਟੀ ਟੂ ਪ੍ਰੋਟੈਕਟ ਜਰਨਲਿਸਟਸ (ਸੀ ਪੀ ਜੇ) ਨੇ ਹਮਲਿਆਂ ਅਤੇ ਰੁਕਾਵਟਾਂ ਦੇ ਬਿਰਤਾਂਤਾਂ ਦੇ ਨਾਲ-ਨਾਲ ਹਿਰਾਸਤਾਂ ਦਾ ਦਸਤਾਵੇਜ਼ੀਕਰਨ ਕੀਤਾ ਹੈ। ਗਿਲਡ ਨੇ ਇੱਕ ਬਿਆਨ ਵਿੱਚ ਕਿਹਾ ਕਿ ਪੱਤਰਕਾਰਾਂ ਦੇ ਕੰਮ ਦੀ ਰੱਖਿਆ ਲਈ ਸੁਪਰੀਮ ਕੋਰਟ ਦੇ ਆਦੇਸ਼ ਦੇ ਬਾਵਜੂਦ ਪੁਲਸ ਕਾਰਵਾਈ ਜਾਰੀ ਰਹੀ। ਬਿਆਨ ਵਿੱਚ ਕਿਹਾ ਗਿਆ ਹੈ, "ਗਿਲਡ ਦੁਆਰਾ ਇਕੱਠੀ ਕੀਤੀ ਗਈ ਜਾਣਕਾਰੀ ਮੁਤਾਬਕ ਘੱਟੋ-ਘੱਟ 38 ਪੱਤਰਕਾਰਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ : 36 ਦਿੱਲੀ ਵਿੱਚ ਅਤੇ ਇੱਕ-ਇੱਕ ਪੁਣੇ ਅਤੇ ਅਹਿਮਦਾਬਾਦ ਵਿੱਚ। ਉਨ੍ਹਾਂ ਵਿੱਚੋਂ ਬਹੁਤਿਆਂ ਨੂੰ ਆਪਣੇ ਮੀਡੀਆ ਪ੍ਰਮਾਣ ਪੱਤਰ ਦਿਖਾਉਣ ਦੇ ਬਾਵਜੂਦ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ ਕੁਝ ਦੇ ਫੋਨ ਜ਼ਬਤ ਕਰ ਲਏ ਗਏ ਸਨ।"

ਗਿਲਡ ਨੇ ਦਿੱਲੀ ਪੁਲਸ ਅਤੇ ਹੋਰ ਸੁਰੱਖਿਆ ਕਰਮਚਾਰੀਆਂ ਦੁਆਰਾ ਇਨ੍ਹਾਂ ਹਿਰਾਸਤਾਂ ਨੂੰ ਅੰਜਾਮ ਦੇਣ ਵਿੱਚ ਵਰਤੀ ਗਈ ਬਹੁਤ ਜ਼ਿਆਦਾ ਤਾਕਤ ਦੀ ਵੀ ਨਿੰਦਾ ਕੀਤੀ ਹੈ। ਸੁਪਰੀਮ ਕੋਰਟ ਦੇ ਹੁਕਮਾਂ ਦਾ ਹਵਾਲਾ ਦਿੰਦੇ ਹੋਏ ਗਿਲਡ ਨੇ ਇਹ ਵੀ ਸਵਾਲ ਕੀਤਾ ਕਿ ਅਦਾਲਤ ਦੇ ਦਖਲ ਤੋਂ ਬਾਅਦ ਵੀ ਨਜ਼ਰਬੰਦੀਆਂ ਕਿਉਂ ਜਾਰੀ ਰਹੀਆਂ। ਉਸ ਨੇ ਅੱਗੇ ਕਿਹਾ, "ਇਸ ਤੋਂ ਵੀ ਵੱਧ ਚਿੰਤਾ ਦੀ ਗੱਲ ਇਹ ਹੈ ਕਿ ਦਿੱਲੀ ਵਿੱਚ ਨਜ਼ਰਬੰਦੀਆਂ 11 ਅਕਤੂਬਰ ਦੇ ਸੁਪਰੀਮ ਕੋਰਟ ਦੇ ਹੁਕਮ ਤੋਂ ਬਾਅਦ ਵੀ ਜਾਰੀ ਰਹੀਆਂ। ਇਹ ਨਿਰਦੇਸ਼ ਸਾਲਿਸਿਟਰ ਜਨਰਲ ਵੱਲੋਂ ਖੁਦ ਅਦਾਲਤ ਨੂੰ ਭਰੋਸਾ ਦਿਵਾਉਣ ਤੋਂ ਬਾਅਦ ਆਇਆ ਕਿ ਪੱਤਰਕਾਰਾਂ ਨੂੰ ਉਨ੍ਹਾਂ ਦੇ ਕੰਮ ਵਿੱਚ ਕੋਈ ਰੁਕਾਵਟ ਨਹੀਂ ਪਾਈ ਜਾਵੇਗੀ।" ਗਿਲਡ ਨੇ ਸੁਪਰੀਮ ਕੋਰਟ ਦੇ ਹੁਕਮ ਦੀ ਪਾਲਣਾ ਕਰਨ ਅਤੇ ਹੋਰ ਘਟਨਾਵਾਂ ਨੂੰ ਰੋਕਣ ਲਈ ਉਪਾਵਾਂ ਦੀ ਮੰਗ ਕੀਤੀ ਹੈ। ਸੀ ਪੀ ਜੇ ਦੇ ਏਸ਼ੀਆ-ਪ੍ਰਸ਼ਾਂਤ ਪ੍ਰੋਗਰਾਮ ਕੋਆਰਡੀਨੇਟਰ ਕੁਨਾਲ ਮਜੂਮਦਾਰ ਨੇ ਕਿਹਾ, "ਇਹ ਘਟਨਾਵਾਂ ਬਹੁਤ ਹੀ ਪਰੇਸ਼ਾਨ ਕਰਨ ਵਾਲੀਆਂ ਹਨ ਅਤੇ ਭਾਰਤ ਦੀਆਂ ਲੋਕਤੰਤਰੀ ਪਰੰਪਰਾਵਾਂ 'ਤੇ ਇੱਕ ਧੱਬਾ ਹਨ।" ਉਨ੍ਹਾ ਇਹ ਵੀ ਦੱਸਿਆ ਕਿ ਕਿਵੇਂ ਘਟਨਾਵਾਂ ਦੀ ਲੜੀ ਸਰਕਾਰ ਦੇ ਸੁਪਰੀਮ ਕੋਰਟ ਨੂੰ ਦਿੱਤੇ ਗਏ ਭਰੋਸੇ ਦੇ ਉਲਟ ਸੀ।

ਸੀ ਪੀ ਜੇ ਮੁਤਾਬਕ ਪੁਲਸ ਨੇ ਕੁਝ ਪੱਤਰਕਾਰਾਂ ਨੂੰ ਉਨ੍ਹਾਂ ਦੇ ਕੱਪੜਿਆਂ ਤੋਂ ਘਸੀਟਿਆ ਅਤੇ ਪ੍ਰੈੱਸ ਕਾਰਡ ਦਿਖਾਏ ਜਾਣ ਦੇ ਬਾਵਜੂਦ ਬੱਸਾਂ ਵਿੱਚ ਧੱਕ ਦਿੱਤਾ। ਘੱਟੋ-ਘੱਟ ਪੰਜ ਪੱਤਰਕਾਰਾਂ ਨੂੰ ਪੁਲਸ ਨੇ ਕੁੱਟਿਆ। ਅਧਿਕਾਰੀਆਂ ਨੇ ਘੱਟੋ-ਘੱਟ ਪੰਜ ਫੋਨ ਵੀ ਜ਼ਬਤ ਕੀਤੇ। ਕੁਝ ਪੱਤਰਕਾਰਾਂ ਨੂੰ 65 ਕਿਲੋਮੀਟਰ ਦੂਰ ਹੋਲਡਿੰਗ ਸਾਈਟਾਂ 'ਤੇ ਲਿਜਾਇਆ ਗਿਆ।

ਸੀ ਪੀ ਜੇ ਨੇ ਪੱਤਰਕਾਰ ਰਾਣਾ ਅਯੂਬ ਦੇ ਹਵਾਲੇ ਨਾਲ ਇਹ ਵੀ ਕਿਹਾ ਕਿ ਪੁਲਸ ਨੇ ਉਸ ਨੂੰ ਪੱਤਰਕਾਰ ਹੋਣ ਦੇ ਬਾਵਜੂਦ ਡੰਡੇ ਨਾਲ ਮਾਰਿਆ। ਰਿਪੋਰਟ ਵਿੱਚ ਪੀਕ ਟੀ ਵੀ ਰਿਪੋਰਟਰ ਸਾਰਾ ਖਾਨ ਦੇ ਬਿਆਨ ਦਾ ਵੀ ਹਵਾਲਾ ਦਿੱਤਾ ਗਿਆ ਹੈ ਕਿ ਇੱਕ ਮਰਦ ਅਧਿਕਾਰੀ ਨੇ ਉਸ ਨੂੰ ਧੌਣ ਤੋਂ ਫੜ ਲਿਆ ਅਤੇ ਇੱਕ ਮਹਿਲਾ ਅਧਿਕਾਰੀ ਵੱਲ ਧੱਕ ਦਿੱਤਾ। ਸੀ ਪੀ ਜੇ ਨੇ 'ਦੀ ਹਿੰਦੂ' ਦੀ ਇੱਕ ਰਿਪੋਰਟ ਦਾ ਹਵਾਲਾ ਦਿੱਤਾ, ਜਿਸ ਵਿੱਚ ਦਿੱਲੀ ਪੁਲਸ ਦੇ ਇੱਕ ਸੀਨੀਅਰ ਅਧਿਕਾਰੀ ਦੇ ਹਵਾਲੇ

• ਬਾਕੀ ਸਫਾ 2 'ਤੇ

### ਸ਼ਾਹ ਪੱਤਰਕਾਰਾਂ ਨਾਲ ਵਧੀਕੀਆਂ ਦੇ ਮਾਮਲੇ 'ਚ ਦਖਲ ਦੇਣ : ਪੀ ਸੰਦੋਸ਼ ਕੁਮਾਰ



## ਰਾਹੁਲ ਗਾਂਧੀ ਵਿਰੁੱਧ ਮਾਣਹਾਨੀ ਮਾਮਲੇ 'ਤੇ ਰੋਕ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਵਿਰੁੱਧ 2019 ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਕੀਤੀਆਂ ਟਿੱਪਣੀਆਂ ਨੂੰ ਲੈ ਕੇ ਮਹਾਰਾਸ਼ਟਰ ਦੀ ਇੱਕ ਹੇਠਲੀ ਅਦਾਲਤ ਵਿੱਚ ਚੱਲ ਰਹੇ ਮਾਣਹਾਨੀ ਦੇ ਮਾਮਲੇ ਵਿੱਚ ਅੱਗੇ ਦੀ ਕਾਰਵਾਈ 'ਤੇ ਰੋਕ ਲਗਾ ਦਿੱਤੀ ਹੈ। ਜਸਟਿਸ ਵਿਕਰਮ ਨਾਥ ਅਤੇ ਅਪਰੇਸ਼ ਕੁਮਾਰ ਸਿੰਘ ਦੇ ਬੈਂਚ ਨੇ ਮਹਾਰਾਸ਼ਟਰ ਸਰਕਾਰ ਅਤੇ ਸ਼ਿਕਾਇਤਕਰਤਾ, ਐੱਮ ਐੱਚ ਸ੍ਰੀ ਸ਼੍ਰੀਮਲ ਨੂੰ ਨੋਟਿਸ ਜਾਰੀ ਕਰਕੇ ਚਾਰ ਹਫ਼ਤਿਆਂ ਵਿੱਚ ਜਵਾਬ ਮੰਗਿਆ ਹੈ। ਚਾਰ ਹਫ਼ਤਿਆਂ ਵਿੱਚ ਵਾਪਸ ਕਰਨ ਯੋਗ ਨੋਟਿਸ ਜਾਰੀ ਕਰੋ। ਬੈਂਚ ਨੇ ਗਾਂਧੀ ਦੁਆਰਾ 8 ਸਤੰਬਰ ਨੂੰ ਬੰਬੇ ਹਾਈ ਕੋਰਟ ਦੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਸੰਮਨ ਨੂੰ ਰੱਦ ਕਰਨ ਤੋਂ ਇਨਕਾਰ ਕਰਨ ਦੇ ਹੁਕਮ ਵਿਰੁੱਧ ਦਾਇਰ ਪਟੀਸ਼ਨ 'ਤੇ ਆਦੇਸ਼ ਦਿੱਤਾ।

# ਗਲੋਬਲ ਕੰਬੋਜ ਐਜੂਕੇਸ਼ਨਲ ਐਂਡ ਵੈੱਲਫੇਅਰ ਆਰਗਨਾਈਜ਼ੇਸ਼ਨ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ

## ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ, ਭਾਈਚਾਰੇ ਨੂੰ ਸਿੱਖਿਆ, ਖੇਡਾਂ ਤੇ ਰਾਜਨੀਤਕ ਖੇਤਰ 'ਚ ਅੱਗੇ ਆਉਣ ਦਾ ਦਿੱਤਾ ਸੱਦਾ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਗਲੋਬਲ ਕੰਬੋਜ ਐਜੂਕੇਸ਼ਨਲ ਐਂਡ ਵੈੱਲਫੇਅਰ ਆਰਗਨਾਈਜ਼ੇਸ਼ਨ ਵੱਲੋਂ ਪ੍ਰੈੱਸ ਕਲੱਬ ਚੰਡੀਗੜ੍ਹ ਵਿਖੇ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਨਮਾਨ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਸਿੱਖਿਆ, ਖੇਡਾਂ, ਪ੍ਰਸ਼ਾਸਨ, ਸਮਾਜ ਸੇਵਾ ਤੇ ਰਾਜਨੀਤਕ ਖੇਤਰ ਵਿੱਚ ਮੋਹਰੀ ਰੋਲ ਅਦਾ ਕਰਕੇ ਕੰਬੋਜ ਭਾਈਚਾਰੇ ਦਾ ਨਾਂ ਪੂਰੇ ਦੇਸ਼-ਵਿਦੇਸ਼ ਵਿੱਚ ਰੋਸ਼ਨ ਕਰਨ ਵਾਲੀਆਂ 36 ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਇਸ ਸਮਾਗਮ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੰਸਥਾ ਦੇ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਆਪਣੀ ਮਿਹਨਤ ਤੇ ਲਗਨ ਨਾਲ ਵੱਖ-ਵੱਖ ਖੇਤਰਾਂ ਵਿੱਚ ਮੁਕਾਮ ਹਾਸਲ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ।ਇਸ ਮੌਕੇ ਵਿਧਾਇਕ ਜਗਦੀਪ ਗੋਲਡੀ ਜਲਾਲਾਬਾਦ ਨੇ ਸੰਸਥਾ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਕੰਬੋਜ ਭਾਈਚਾਰੇ ਨੂੰ ਸਿਆਸਤ ਵਿੱਚ ਵੀ ਯੋਗ ਨੁਮਾਇੰਦਗੀ ਮਿਲਣੀ ਚਾਹੀਦੀ ਹੈ। ਬੀਸੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਮਲਕੀਤ ਥਿੰਦ ਨੇ ਕਿਹਾ ਕਿ ਪੱਛੜੀਆਂ ਸ਼੍ਰੇਣੀਆਂ ਦੇ ਰਾਖਵਾਂਕਰਨ ਦਾ ਜੋ ਕੋਟਾ ਅਪਰੂਵ ਹੋਇਆ ਹੈ, ਉਸ ਨੂੰ ਜਲਦ ਲਾਗੂ ਕੀਤਾ ਜਾਵੇ।

ਇਸ ਮੌਕੇ ਗਲੋਬਲ ਕੰਬੋਜ ਐਜੂਕੇਸ਼ਨਲ ਐਂਡ ਵੈੱਲਫੇਅਰ ਆਰਗਨਾਈਜ਼ੇਸ਼ਨ ਦੇ ਪ੍ਰਧਾਨ ਭੁਪਿੰਦਰ ਸਿੰਘ ਢੋਟ ਨੇ ਆਏ ਹੋਏ ਸਭ ਮਹਿਮਾਨਾਂ ਦਾ ਸਵਾਗਤ ਕੀਤਾ।ਉਨ੍ਹਾਂ ਦੱਸਿਆ ਕਿ ਸੰਸਥਾ ਦਾ ਮੁੱਖ ਮਕਸਦ ਸਮੁੱਚੇ ਕੰਬੋਜ ਭਾਈਚਾਰੇ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਕਰਨਾ ਹੈ।ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ 'ਚ ਮੱਲਾਂ ਮਾਰਨ ਵਾਲੀਆਂ ਹੇਠ ਲਿਖੀਆਂ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਖੇਡ ਖੇਤਰ : ਨਵਨੀਤ ਕੌਰ (ਸ਼ਹਾਬਾਦ), ਰਸ਼ਮੀਨ ਕੌਰ (ਹਾਕੀ-ਫ਼ਿਰੋਜ਼ਪੁਰ), ਵਰਿੰਦਰ ਸਿੰਘ ਝੰਡ (ਮੈਰਾਥਨ-ਦੁਬਈ), ਯੰਗਬੀਰ ਸਿੰਘ ਨੰਡਾ (ਘੋੜ ਸਵਾਰੀ-ਜਲੰਧਰ), ਸਿਮਰਨ ਕੰਬੋਜ (ਮੁਕਤਸਰ), ਜੈਵੀਰ ਸਿੰਘ (ਸਾਫਟਬਾਲ-ਚੰਡੀਗੜ੍ਹ), ਰਵਿੰਦਰ ਪਾਲ ਕੰਬੋਜ (ਪੈਰਾ ਸਪੋਰਟਸ-ਫ਼ਤਿਹਾਬਾਦ), ਚੰਨ ਦੀਪ ਕੌਰ (ਜੂਡੋ-ਕਰਾਟੇ-ਲੁਧਿਆਣਾ), ਤਰਨੁਮ ਕੌਰ ਥਿੰਦ (ਰਾਈਫਲ ਸ਼ੂਟਿੰਗ-ਭੋਪਾਲ) ਤੇ ਨਵਨੀਤ ਕੌਰ (ਕਰਨਾਲ)।ਪ੍ਰਸ਼ਾਸਨ ਤੇ ਪੁਲਸ : ਰਸ਼ਨੀਤ ਕੌਰ (ਆਈ ਏ ਐੱਸ-ਰਾਜਪੁਰਾ), ਸਤਬੀਰ ਸਿੰਘ ਚੰਦੀ ਤੇ ਵਿਸ਼ਾਲਜੀਤ ਸਿੰਘ ਕੰਬੋਜ (ਪੁਲਸ ਕਮਿਸ਼ਨਰੇਟ-ਅੰਮ੍ਰਿਤਸਰ)।ਸਿੱਖਿਆ ਅਤੇ ਸਾਹਿਤ: ਡਾ. ਸੀ.ਪੀ. ਕੰਬੋਜ (ਪਟਿਆਲਾ), ਡਾ. ਬਲਵਿੰਦਰ ਸਿੰਘ ਥਿੰਦ (ਜਲੰਧਰ), ਡਾ. ਸੰਦੀਪ ਸਿੰਘ ਸੰਧਾ (ਫ਼ਿਰੋਜ਼ਪੁਰ), ਮੀਨਾ ਮਹਿਰੋਕ (ਜਲਾਲਾਬਾਦ), ਕੁਲਵਿੰਦਰ ਕੌਰ (ਕਪੂਰਥਲਾ) ਤੇ ਡਾ. ਸੁਰੇਸ਼ ਕੰਬੋਜ (ਜੀ.ਐਨ.ਈ. ਫਗਵਾੜਾ)।ਉੱਦਮੀ ਤੇ ਸਮਾਜ ਸੇਵਾ : ਰਾਜੇਸ਼ ਹਾਂਡਾ ਤੇ ਨਰੇਸ਼ ਹਾਂਡਾ (ਦਿੱਲੀ), ਡਾ. ਸੰਜੀਵ ਕੰਬੋਜ (ਚੰਡੀਗੜ੍ਹ), ਸਤਨਾਮ ਸਿੰਘ (ਅੰਮ੍ਰਿਤਸਰ), ਫ਼ਤਿਹਪੁਰ ਰਾਜਪੂਤਾਂ ਕਮੇਟੀ (ਨਨਕਾਣਾ ਸਾਹਿਬ, ਅੰਮ੍ਰਿਤਸਰ), ਬਲਦੇਵ ਸਿੰਘ ਖਿੰਡਾ (ਰਾਜਸਥਾਨ), ਗੁਰਮੀਤ ਸਿੰਘ ਮੁੱਤੀ (ਹਰਿਆਣਾ), ਮਨੂ ਕੰਬੋਜ (ਰਾਜਸਥਾਨ), ਸੁਰੇਸ਼ ਕੁਮਾਰ (ਉਤਰਾਖੰਡ) ਤੇ ਇਕਬਾਲ ਕੰਬੋਜ ਪਾਲਾ ਬੱਟੀ (ਫ਼ਿਰੋਜ਼ਪੁਰ)। ਲਾਈਫਟਾਈਮ ਅਚੀਵਮੈਂਟ ਐਵਾਰਡ : ਦੌਲਤ ਰਾਮ ਕੰਬੋਜ (ਮੋਹਾਲੀ), ਦੀਦਾਰ ਸਿੰਘ ਨਲਵੀ (ਹਰਿਆਣਾ) ਤੇ ਸਵ. ਹਕਮ ਚੰਦ ਕੰਬੋਜ (ਉਤਰਾਖੰਡ)।ਹੋਰ ਸਨਮਾਨਤ ਸ਼ਖ਼ਸੀਅਤਾਂ: ਕੁਲਦੀਪ ਸਿੰਘ ਬਾਵਾ (ਸੁਨਾਮ), ਡਾ. ਸਿਕੰਦਰ ਸਿੰਘ ਤੇ ਅਮਿਤ ਕੰਬੋਜ (ਉਤਰਾਖੰਡ)।

ਇਸ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਆਏ ਭਾਈਚਾਰੇ ਦੇ ਪਤਵੰਤੇ ਸੱਜਣਾਂ, ਆਗੂਆਂ ਅਤੇ ਪਰਿਵਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਮੰਚ ਸੰਚਾਲਨ ਦੀ ਭੂਮਿਕਾ ਖਜ਼ਾਨਚੀ ਪਲਵਿੰਦਰ ਸਿੰਘ ਜੰਮੂ ਤੇ ਮੀਡੀਆ ਐਡਵਾਈਜ਼ਰ ਤੇਜਿੰਦਰ ਕੌਰ ਥਿੰਦ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ ਗਈ ਤੇ ਅੰਤ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ ਤੇ ਜਨਰਲ ਸੈਕਟਰੀ ਮਨਿੰਦਰਪਾਲ ਸਿੰਘ ਪਲਾਸੌਰ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਪੰਜਾਬ ਐਗਰੋ ਦੇ ਚੇਅਰਮੈਨ ਸ਼ਮਿੰਦਰ ਖਿੰਡਾ, ਕੰਬੋਜ ਵੈੱਲਫੇਅਰ ਬੋਰਡ ਤੇ ਚੇਅਰਮੈਨ ਸੁਖਵਿੰਦਰ ਸਿੰਘ, ਪੰਜਾਬ ਪੈਟਰੋਲੀਅਮ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਦੁਆਬਾ, ਸਾਬਕਾ ਜੱਜ ਪਰਮਿੰਦਰਪਾਲ ਸਿੰਘ, ਕਾਮਰੇਡ ਰਾਮੇਸ਼, ਮਨਦੀਪ ਸਿੰਘ ਜੋਸਨ, ਨਿਰਮਲ ਸਿੰਘ, ਡਾ. ਇਕਬਾਲ ਸਿੰਘ ਹਰਬੀਰ ਸਿੰਘ ਥਿੰਦ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਆਂਗਣਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ ਵੱਲੋਂ ਕੈਬਨਿਟ ਮੰਤਰੀ ਨਾਲ ਮੀਟਿੰਗ

## ਕੁਝ ਮੰਗਾਂ ਦਾ ਹੱਲ ਕਰਨ 'ਤੇ ਬਣੀ ਸਹਿਮਤੀ ਤੇ ਰਹਿੰਦੀਆਂ ਮੰਗਾਂ ਦਾ ਤੁਰੰਤ ਹੱਲ ਕਰਨ ਦਾ ਦਿੱਤਾ ਭਰੋਸਾ : ਸਰੋਜ ਛੱਪੜੀਵਾਲਾ



**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)**-ਆਲ ਇੰਡੀਆ ਆਂਗਣਵਾੜੀ ਵਰਕਰਜ਼/ ਹੈਲਪਰਜ਼ ਯੂਨੀਅਨ ਪੰਜਾਬ (ਏਟਕ) ਦੀ ਮੀਟਿੰਗ ਮਹਿਕਮੇ ਦੇ ਮੰਤਰੀ ਡਾਕਟਰ ਬਲਜੀਤ ਕੌਰ ਨਾਲ ਹੋਈ। ਇਸ ਮੀਟਿੰਗ ਵਿੱਚ ਐੱਮ.ਐੱਲ.ਏ. ਜਗਦੀਪ ਕੰਬੋਜ ਗੋਲਡੀ, ਸਕੱਤਰ ਗੁਰਕੀਰਤ ਕਿਰਪਾਲ ਸਿੰਘ, ਡਾਇਰੈਕਟਰ ਮੈਡਮ ਸੈਨਾ ਅਗਰਵਾਲ, ਡਿਪਟੀ ਡਾਇਰੈਕਟਰ ਅਮਰਜੀਤ ਭੁੱਲਰ, ਸੁਖਦੀਪ ਸਿੰਘ, ਕੁਲਵਿੰਦਰ ਰੰਧਾਵਾ ਹਾਜ਼ਰ ਸਨ, ਜਦੋਂਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ, ਸੂਬਾ ਸਕੱਤਰ ਸੁਨੀਲ ਕੌਰ ਬੇਦੀ, ਸੂਬਾ ਵਿੱਤ ਸਕੱਤਰ ਗੁਰਚਰਨ ਕੌਰ ਮੋਗਾ, ਸੂਬਾ ਡਿਪਟੀ ਸਕੱਤਰ ਬਲਵਿੰਦਰ ਕੌਰ ਖੋਸਾ, ਸੂਬਾ ਮੀਤ ਪ੍ਰਧਾਨ ਪਿਆਰ ਕੌਰ ਜੀਰਾ, ਸੂਬਾ ਮੀਤ ਸਕੱਤਰ ਬਲਵਿੰਦਰ ਕੌਰ ਫਿਰੋਜ਼ਪੁਰ, ਸੂਬਾ ਮੀਤ ਪ੍ਰਧਾਨ ਸ਼ਿੰਦਰ ਕੌਰ ਦੁੱਨੇ ਕੇ, ਨੀਤੂ ਵਰਮਾ, ਜਸਵਿੰਦਰ ਕੌਰ ਪਟਿਆਲਾ, ਮਨਜਿੰਦਰ ਕੌਰ ਘੜਿਆਣਾ, ਸੁਖਵਿੰਦਰ ਕੌਰ ਹਰਜੀਤ ਕੌਰ ਅਬੋਹਰ ਹਾਜ਼ਰ ਹੋਏ।

ਇਸ ਮੀਟਿੰਗ ਬਾਰੇ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਆਂਗਣਵਾੜੀ ਸੈਂਟਰ ਦੇ ਬੱਚੇ ਵਾਪਸ ਕਰਨਾ, ਆਂਗਣਵਾੜੀ ਵਰਕਰ- ਹੈਲਪਰ ਨੂੰ ਘੱਟੋ-ਘੱਟ ਉਜ਼ਰਤ 28 ਹਜ਼ਾਰ ਰੁਪੈ ਦੇਣਾ, ਜਿੰਨੀ ਦੇਰ ਉਜ਼ਰਤ ਨਹੀਂ ਦਿੱਤੀ ਜਾਂਦੀ, ਉਸ ਸਮੇਂ ਤੱਕ ਚੋਣ ਮੈਨੀਫੈਸਟੋ ਦੇ ਅਨੁਸਾਰ ਆਂਗਣਵਾੜੀ ਵਰਕਰ-ਹੈਲਪਰ ਦੇ ਮਾਣ ਭੱਤੇ ਵਿੱਚ ਵਾਧਾ ਕਰਨਾ, ਹਰ ਸਾਲ ਇੰਕਰੀਮੈਂਟ 500 ਤੇ 250 ਤੋਂ ਵਧਾ ਕੇ ਲਗਾਉਣਾ, ਰੱਖੀਆਂ ਗਈਆਂ। ਇਨ੍ਹਾਂ ਮੰਗਾਂ 'ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਯੂਨੀਅਨ ਆਗੂਆਂ ਨਾਲ ਪੂਰੀ ਸਹਿਮਤੀ ਪ੍ਰਗਟਾਈ ਤੇ ਜਲਦੀ ਹੀ ਇਹ ਮੰਗਾਂ ਲਾਗੂ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਦੇ ਇਲਾਵਾ ਆਂਗਣਵਾੜੀ ਵਰਕਰ ਨੂੰ ਮੋਬਾਈਲ ਭੱਤਾ ਪੂਰਾ ਦੇਣ ਦਾ ਵਿਸ਼ਵਾਸ ਦਿਵਾਇਆ। ਇਸੇ ਤਰ੍ਹਾਂ ਹੀ ਟੀ ਏ, ਡੀ ਏ, ਗ੍ਰੈਚੁਟੀ ਦੀਆਂ ਫਾਈਲਾਂ ਭੇਜ ਕੇ ਕਾਰਵਾਈ ਚੱਲ ਰਹੀ ਦੀ ਗੱਲ ਕੀਤੀ ਹੈ। ਜਥੇਬੰਦੀ ਨੇ ਮੰਗ ਉਠਾਉਂਦੇ ਹੋਏ ਕਿਹਾ ਕਿ ਐਡੀਸ਼ਨਲ ਚਾਰਜ 50 ਰੁਪਏ ਦੀ ਥਾਂ 4000 ਕੀਤਾ ਜਾਵੇ। ਉਨ੍ਹਾਂ ਨੇ ਇਸ ਮੰਗ 'ਤੇ ਵੀ ਪੂਰਾ ਵਿਸ਼ਵਾਸ ਦਿਵਾਇਆ ਤੇ ਕਿਹਾ ਕਿ ਰਹਿੰਦਾ ਬਕਾਇਆ ਇੱਕ ਮਹੀਨੇ ਵਿੱਚ ਦਿੱਤਾ ਜਾਵੇਗਾ। ਮਾਵਾਂ-ਧੀਆਂ ਸਤਿਕਾਰਯੋਗ ਯੋਜਨਾ ਵਾਲਾ ਪੈਸਾ ਵੀ ਤੁਰੰਤ ਦਿੱਤਾ ਜਾਵੇਗਾ। ਵਿਧਵਾ ਆਂਗਣਵਾੜੀ ਹੈਲਪਰ ਦੇ ਬੱਚਿਆਂ ਦੀ ਪੈਨਸ਼ਨ ਜਾਰੀ ਰੱਖਣ 'ਤੇ ਵੀ ਪੂਰਾ ਵਿਸ਼ਵਾਸ ਦਿਵਾਇਆ। ਸੁਪਰਵਾਈਜ਼ਰਾਂ ਦੀ ਭਰਤੀ ਇੱਕ ਦੋ ਮਹੀਨਿਆਂ ਵਿੱਚ ਹੀ ਪੂਰੀ ਕਰ ਦਿੱਤੀ ਜਾਵੇਗੀ। ਇਹ ਵੀ ਮੰਗ ਕੀਤੀ ਗਈ ਕਿ ਵਰਕਰ-ਹੈਲਪਰ ਨੂੰ ਵੀ ਇੱਕ ਮਹੀਨੇ ਵਿੱਚ ਜੁਆਇਨਿੰਗ ਪੱਤਰ ਦਿੱਤੇ ਜਾਣ। ਆਂਗਣਵਾੜੀ ਵਰਕਰ-ਹੈਲਪਰ ਨੂੰ ਰਿਟਾਇਰਮੈਂਟ 'ਤੇ ਇੱਕ ਲੱਖ ਤੇ 50 ਹਜ਼ਾਰ ਦੀ ਬਜਾਏ 4 ਲੱਖ ਦਿੱਤਾ ਜਾਵੇ ਅਤੇ ਇਹੀ ਰਾਸ਼ੀ ਆਂਗਣਵਾੜੀ ਵਰਕਰ ਹੈਲਪਰ ਦੀ ਮੌਤ 'ਤੇ ਉਨ੍ਹਾਂ ਦੇ ਬੱਚਿਆਂ ਨੂੰ ਦਿੱਤੀ ਜਾਵੇ। ਸਾਲ ਵਿੱਚ ਇੱਕ ਫੈਸਟੀਵਲ ਬੋਨਸ ਦਿੱਤਾ ਜਾਵੇ। ਇਸ ਮੰਗ 'ਤੇ ਵੀ ਉਨ੍ਹਾਂ ਨੇ ਪੂਰਾ ਭਰੋਸਾ ਦਿੱਤਾ, ਪਰ ਇਨ੍ਹਾਂ ਸਾਰੀਆਂ ਮੰਗਾਂ ਨੂੰ ਪੂਰਾ ਕਰਨ ਦੇ ਸਬੰਧ ਵਿੱਚ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਹੁਣ ਲਾਰਿਆਂ ਵਿੱਚ ਗੱਲ ਨਹੀਂ ਚੱਲੇਗੀ ਤੇ ਦੀਵਾਲੀ ਤੋਂ ਪਹਿਲਾਂ ਮੀਟਿੰਗ ਕਰਨ 'ਤੇ ਜ਼ੋਰ ਦਿੱਤਾ ਗਿਆ, ਜਿਸ 'ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪੂਰਾ ਭਰੋਸਾ ਦਿੰਦਿਆਂ ਕਿਹਾ ਕਿ 03/11/2026 ਨੂੰ ਆਲ ਇੰਡੀਆ ਆਂਗਣਵਾੜੀ ਵਰਕਰਜ਼/ਹੈਲਪਰਜ਼ ਯੂਨੀਅਨ ਪੰਜਾਬ (ਏਟਕ) ਨਾਲ ਮੀਟਿੰਗ ਕੀਤੀ ਜਾਵੇਗੀ ਤੇ ਉਸ ਮੀਟਿੰਗ ਵਿੱਚ ਕਾਫ਼ੀ ਕੁਝ ਤੁਹਾਨੂੰ ਦੇ ਦਿੱਤਾ ਜਾਵੇਗਾ।

## ਕਾਤਰਾਂ

### ਗੁਰਸਿਮਰਨ ਭੱਠਲ ਨੇ ਆਪਣੀ ਟੀਮ ਸਣੇ ਸਿੰਗਲਾ ਨਾਲ ਕੀਤੀ ਮੁਲਾਕਾਤ

**ਜਲਾਲਾਬਾਦ (ਜੀਤ ਕੁਮਾਰ)**-ਚੰਡੀਗੜ੍ਹ ਵਿਖੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ਼੍ਰੀ ਵਿਜੈ ਇੰਦਰ ਸਿੰਗਲਾ ਨਾਲ ਮੁਲਾਕਾਤ ਕੀਤੀ ਤੇ ਚੰਡੀਗੜ੍ਹ ਐੱਨ.ਐੱਸ.ਯੂ.ਆਈ. ਵੱਲੋਂ ਲਗਾਤਾਰ ਪੰਜਵੀਂ ਵਾਰ ਸਟੇਟ ਪ੍ਰਧਾਨ ਚੋਣ ਜਿੱਤਣ 'ਤੇ ਆਪਣੀ ਟੀਮ ਵੱਲੋਂ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਨਵੇਂ ਚੁਣੇ ਗਏ ਚੰਡੀਗੜ੍ਹ ਐੱਨ.ਐੱਸ.ਯੂ.ਆਈ. ਦੇ ਸੂਬਾ ਪ੍ਰਧਾਨ ਗੁਰਸਿਮਰਨ ਭੱਠਲ ਤੇ ਸਾਥੀ ਇਕਬਾਲ ਗਰੇਵਾਲ, ਸਚਿਨ ਗਾਲਵ, ਪ੍ਰਦੀਪ ਗੁੱਜਰ, ਨਵਦੀਪ ਸਿੱਧੂ, ਬਲਕਰਨ ਗਿੱਲ, ਅਮਰਪਾਲ ਤੁਰ, ਮਨਰੀਤ ਸੋਰਾ, ਦੀਪਕ ਖੋਸਲਾ, ਸਰਬਪ੍ਰੀਤ ਸੈਵੀ, ਅਰਸ਼ਦ ਅਲੀ ਸਮੇਤ ਹੋਰ ਸਾਥੀ ਮੌਜੂਦ ਰਹੇ। ਐੱਨ ਐੱਸ ਯੂ ਆਈ ਦੀ ਇਸ ਸ਼ਾਨਦਾਰ ਜਿੱਤ ਲਈ ਸਮੂਹ ਟੀਮ ਨੂੰ ਮੁਬਾਰਕਾਂ ਦਿੱਤੀਆਂ।

### ਪ੍ਰਗਟ ਸਿੰਘ ਪੰਜਾਬ ਕਾਂਗਰਸ ਦਾ ਸਰਮਾਇਆ : ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** ਜਸਵੰਤ ਸਿੰਘ ਬਰਾੜ ਜੋ ਕਾਂਗਰਸ ਦੇ ਟਕਸਾਲੀ ਆਗੂ ਹਨ, ਨੇ ਕਿਹਾ ਕਿ ਪ੍ਰਗਟ ਸਿੰਘ ਦਾ ਪੰਜਾਬ ਕਾਂਗਰਸ ਪਾਰਟੀ ਦਾ ਪ੍ਰਧਾਨ ਬਨਣ ਦਾ ਜਿੱਥੇ ਕਾਂਗਰਸ ਪਾਰਟੀ ਨੂੰ ਤਾਂ ਵੱਡਾ ਲਾਭ ਹੈ ਹੀ, ਉਥੇ ਸਮੁੱਚੇ ਪੰਜਾਬ ਨੂੰ ਬਹੁਤ ਹੀ ਲਾਭ ਹੋਵੇਗਾ, ਜਿਵੇਂ ਦੇਸ਼ ਲਈ ਡਾਕਟਰ ਮਨਮੋਹਨ ਸਿੰਘ ਸਾਬਤ ਹੋਏ ਸਨ, ਉਸ ਤਰ੍ਹਾਂ ਹੀ ਪ੍ਰਗਟ ਸਿੰਘ ਪੰਜਾਬ ਲਈ ਆਪਣਾ ਯੋਗਦਾਨ ਦੇਣਗੇ।ਉਨ੍ਹਾਂ ਪ੍ਰਗਟ ਸਿੰਘ ਨੂੰ ਪ੍ਰਧਾਨ ਬਨਣ 'ਤੇ ਵਧਾਈ ਦਿੰਦੇ ਹੋਏ ਹੋਏ ਕਿਹਾ ਕਿ ਪੰਜਾਬ ਛਲਾਵੇ ਤੇ ਵਿਖਾਵੇ ਦੀ ਰਾਜਨੀਤੀ ਤੋਂ ਨਿਕਲ ਕੇ ਜੇਕਰ ਮੁੱਦਿਆਂ ਦੀ ਰਾਜਨੀਤੀ ਵੱਧ ਹੋ ਤੁਰੇ ਤਾਂ ਪੰਜਾਬ ਫਿਰ ਤੋਂ ਅਮੀਰ ਸੂਬਾ ਬਣ ਸਕਦਾ ਹੈ।ਪੰਜਾਬ ਦੇ ਅੱਜ ਦੇ ਮੁੱਖ ਮੁੱਦੇ ਰਾਜ ਦਾ ਕਰਜ਼ਾ, ਬੇਰੁਜ਼ਗਾਰੀ, ਨਸ਼ੇ, ਸਿੱਖਿਆ, ਟੈਕਸ ਚੋਰੀ, ਰੇਤ ਮਾਫ਼ੀਆ, ਸ਼ਰਾਬ ਮਾਫ਼ੀਆ, ਭ੍ਰਿਸ਼ਟਾਚਾਰ, ਖੇਤੀ ਤੇ ਦਰਿਆਈ ਪਾਣੀ ਦੀ ਘਾਟ, ਬਦਅਮਨੀ, ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇਨਸਾਫ਼ ਦੇਣਾ ਹੈ, ਜਿਨ੍ਹਾਂ ਨੂੰ ਹੱਲ ਕਰਨ ਲਈ ਸੰਜੀਦਗੀ ਤੇ ਵਿਚਾਰਧਾਰਕ ਚਰਚਾ ਦੀ ਲੋੜ ਹੈ ਤੇ ਇਹ ਸੋਚ ਲੈ ਕੇ ਪ੍ਰਗਟ ਸਿੰਘ ਚੱਲ ਰਹੇ ਹਨ।

### ਝੋਟੇ ਦਾ ਕਤਲ ਕਾਨੂੰਨੀ ਵਿਵਸਥਾ 'ਤੇ ਵੱਡਾ ਸਵਾਲ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਰਮਿੰਦਰ ਸਿੰਘ ਝੋਟਾ, ਜੋ ਲੰਮੇ ਸਮੇਂ ਤੋਂ ਪੰਜਾਬ ਸੂਬੇ ਵਿਚ ਨਸ਼ਾ ਵੇਚਣ ਵਾਲਿਆਂ ਵਿਰੁੱਧ ਜਮਹੂਰੀਅਤ ਤੇ ਅਮਨਮਈ ਢੰਗ ਨਾਲ ਸੰਘਰਸ਼ ਕਰਦਾ ਆ ਰਿਹਾ ਸੀ ਤੇ ਜੋ ਲੋਕ ਨਸ਼ੇ ਦੇ ਵਪਾਰ ਵਿੱਚ ਸਰਗਰਮ ਸਨ ਜਾਂ ਜੋ ਲੋਕ ਨਸ਼ੀਲੀਆਂ ਵਸਤਾਂ ਦੇ ਸੇਵਨ ਵਿਚ ਫਸੇ ਹੋਏ ਸਨ, ਉਸ ਦਿਸ਼ਾ ਵੱਲ ਉਸ ਅਕਾਲ ਪੁਰਖ ਨੂੰ ਹਾਜ਼ਰ ਨਾਜ਼ਰ ਜਾਣ ਕੇ ਆਪਣੀ ਮਨੁੱਖਤਾ ਪੱਖੀ ਜ਼ਿੰਮੇਵਾਰੀਆ ਨਿਰੰਤਰ ਪੂਰਨ ਕਰਦਾ ਆ ਰਿਹਾ ਸੀ, ਪਰ ਅਫ਼ਸੋਸ ਮਾਨਸਾ ਵਿਖੇ ਇੱਕ ਦਵਾਈਆਂ ਦੀ ਦੁਕਾਨ 'ਤੇ ਜਦੋਂ ਉਸ ਨੇ ਤੇ ਉਸਦੇ ਸਾਥੀਆਂ ਨੇ ਕੁੱਝ ਨਸ਼ਾ ਸੇਵਨ ਕਰਨ ਵਾਲਿਆਂ ਨੂੰ ਉਪਰੋਕਤ ਸੰਬੰਧਤ ਦੁਕਾਨ ਤੋਂ ਨਸ਼ਾ ਲੈ ਕੇ ਵਾਪਸ ਆਉਂਦੇ ਫੜਿਆ ਤਾਂ ਪੁੱਛਗਿੱਛ ਦੌਰਾਨ ਜਦੋਂ ਦੁਕਾਨਦਾਰ ਨਾਲ ਕੁਝ ਬਹਿਸ ਹੋਈ ਤਾਂ ਦੁਕਾਨਦਾਰ ਨੇ ਫੋਨ 'ਤੇ ਗੱਲ ਕਰਕੇ ਪਰਮਿੰਦਰ ਸਿੰਘ ਝੋਟੇ ਨੂੰ ਗੋਲੀ ਨਾਲ ਹਲਾਕ ਕਰ ਦਿੱਤਾ, ਜੋ ਬਹੁਤ ਹੀ ਅਫ਼ਸੋਸਨਾਕ ਅਮਲ ਹੋਇਆ ਹੈ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮਾਨਸਾ ਵਿਖੇ ਵਾਪਰੇ ਕਾਂਡ ਉਤੇ ਗਹਿਰਾ ਦੁੱਖ ਜ਼ਾਹਰ ਕਰਦੇ ਹੋਏ ਅਤੇ ਪੰਜਾਬ ਸਰਕਾਰ ਦੀ ਡਾਵਾਂਡੋਲ ਹੋਈ ਕਾਨੂੰਨੀ ਵਿਵਸਥਾ ਲਈ ਭਗਵੰਤ ਮਾਨ ਸਰਕਾਰ ਨੂੰ ਦੋਸ਼ੀ ਠਹਿਰਾਉਂਦੇ ਹੋਏ ਪ੍ਰਗਟ ਕੀਤੇ।

# ਪਰਵਿੰਦਰ ਝੋਟਾ ਦੇ ਕਤਲ 'ਤੇ ਕਾਂਗਰਸ ਆਗੂ ਕਮਲ ਚੱਕ ਨੇ ਸਰਕਾਰ ਨੂੰ ਘੇਰਿਆ

## ਨਸ਼ਿਆਂ ਤੇ ਅਮਨ-ਕਾਨੂੰਨ ਨੂੰ ਲੈ ਕੇ ਸਰਕਾਰ ਦੇ ਵਾਅਦੇ ਖੋਖਲੇ : ਕਮਲ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮਾਨਸਾ ਵਿਖੇ ਪਰਵਿੰਦਰ ਸਿੰਘ ਦੀ ਗੋਲੀਆਂ ਮਾਰ ਕੇ ਹੱਤਿਆ ਕੀਤੇ ਜਾਣ ਦੀ ਘਟਨਾ 'ਤੇ ਪ੍ਰਤੀਕਿਰਿਆ ਦਿੰਦਿਆਂ ਕਾਂਗਰਸ ਦੇ ਸੀਨੀਅਰ ਆਗੂ ਕਮਲ ਸਿੰਘ ਚੱਕ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਤੇ ਸੂਬੇ ਦੀ ਕਾਨੂੰਨ-ਵਿਵਸਥਾ 'ਤੇ ਸਵਾਲ ਖੜ੍ਹੇ ਕੀਤੇ ਹਨ।ਕਮਲ ਸਿੰਘ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਸਬੰਧੀ ਕੀਤੇ ਵਾਅਦੇ ਜ਼ਮੀਨੀ ਪੱਧਰ 'ਤੇ ਪੂਰੇ ਹੁੰਦੇ ਦਿਖਾਈ ਨਹੀਂ ਦੇ ਰਹੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਮੌਤਾਂ ਦੀਆਂ ਖ਼ਬਰਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ, ਜਦਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਵੀ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਦੇ ਸਰਕਾਰੀ ਦਾਅਵਿਆਂ ਦੇ ਬਾਵਜੂਦ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਤਾਂ ਇਹ ਸਰਕਾਰ ਦੀ ਨਾਕਾਮੀ ਤੇ ਪ੍ਰਸ਼ਾਸਨਕ ਪਕੜ ਦੀ ਕਮੀ ਨੂੰ ਦਰਸਾਉਂਦਾ ਹੈ।ਸਰਕਾਰ ਵੱਲੋਂ ਕੀਤੇ ਜਾ ਰਹੇ ਪ੍ਰਚਾਰ ਤੇ ਜ਼ਮੀਨੀ ਹਕੀਕਤ ਵਿੱਚ ਵੱਡਾ ਫ਼ਰਕ ਨਜ਼ਰ ਆ ਰਿਹਾ ਹੈ।ਲੋਕਾਂ ਵਿੱਚ ਡਰ ਦਾ ਮਾਹੌਲ ਹੈ ਤੇ ਅਪਰਾਧੀਆਂ ਦੇ ਹੌਸਲੇ ਵਧਦੇ ਜਾ ਰਹੇ ਹਨ। ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਰਨਾ ਸਰਕਾਰ ਤੇ ਪੁਲਸ ਪ੍ਰਸ਼ਾਸਨ ਦੀ ਮੁੱਖ ਜ਼ਿੰਮੇਵਾਰੀ ਹੈ, ਪਰ ਸਰਕਾਰ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਵਿੱਚ ਅਸਫਲ ਰਹੀ ਹੈ।ਕਮਲ ਚੱਕਾਂ ਨੇ ਮੰਗ ਕੀਤੀ ਕਿ ਪਰਵਿੰਦਰ ਸਿੰਘ ਦੇ ਕਤਲ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਸੂਬੇ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਠੱਲ੍ਹ ਪਾਉਣ ਦੇ ਨਾਲ-ਨਾਲ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

# ਬੀ ਕੇ ਯੂ ਕਾਦੀਆਂ ਵੱਲੋਂ ਪਰਵਿੰਦਰ ਝੋਟੇ ਦੇ ਕਤਲ ਦੀ ਸਖਤ ਸ਼ਬਦਾਂ 'ਚ ਨਿੰਦਾ

**ਜ਼ੀਰਾ (ਨਰਿੰਦਰ ਅਨੇਜਾ)**-ਇਸ ਸਮੇਂ ਪੰਜਾਬ ਵਿੱਚ ਨਸ਼ੇ ਤੇ ਲੁੱਟਾਂ ਖੋਹਾਂ ਦਾ ਆਲਮ ਸਿਖਰ 'ਤੇ ਹੈ। ਸਰਕਾਰ ਵੱਲੋਂ ਅਪਰਾਧੀ ਅਨਸਰਾਂ ਨੂੰ ਨੱਥ ਪਾਉਣ ਦੀ ਬਜਾਏ ਖੁੱਲ੍ਹੀਆਂ ਛੋਟਾਂ ਦਿੱਤੀਆਂ ਹੋਈਆਂ ਹਨ, ਜਿਸ ਦੇ ਨਤੀਜੇ ਵਜੋਂ ਨਸ਼ਿਆਂ ਦਾ ਵਪਾਰ ਕਰਨ ਵਾਲੇ ਲੋਕਾਂ ਦੇ ਹੌਸਲੇ ਇਸ ਕਦਰ ਵਧੇ ਹੋਏ ਹਨ ਕਿ ਉਹ ਇਨ੍ਹਾਂ ਦੀ ਰੋਕਥਾਮ ਕਰਨ ਦੇ ਯਤਨ ਕਰਨ ਵਾਲੇ ਲੋਕ ਪੱਖੀ ਲੋਕਾਂ ਤੇ ਸਮਾਜ ਸੇਵੀ ਸ਼ਖਸੀਅਤਾਂ ਨੂੰ ਸਿੱਧੀਆਂ ਧਮਕੀਆਂ ਦੇਣ ਅਤੇ ਗੋਲੀਆਂ ਮਾਰਨ 'ਤੇ ਉੱਤਰ ਆਏ ਹਨ।ਮੰਗਲਵਾਰ ਨੂੰ ਨਸ਼ਿਆਂ ਵਿਰੁੱਧ ਲੜਨ ਵਾਲੇ ਜੁਝਾਰੂ ਸਾਥੀ ਪਰਵਿੰਦਰ ਸਿੰਘ ਝੋਟੇ ਨੂੰ ਮਾਨਸਾ ਵਿਖੇ ਇੱਕ ਮੈਡੀਕਲ ਨਸ਼ਾ ਵੇਚਣ ਵਾਲੇ ਦੁਕਾਨਦਾਰ ਵੱਲੋਂ ਦਿਨ ਦਿਹਾੜੇ ਸ਼ਰੇਆਮ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਅਤੇ ਚਾਰ ਹੋਰ ਲੋਕਾਂ ਨੂੰ ਜ਼ਖਮੀ ਕਰਨ ਦੀ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਬਲਾਕ ਜ਼ੀਰਾ ਦੇ ਪ੍ਰਧਾਨ ਸੁਖਦੇਵ ਸਿੰਘ ਸਨੇਰ, ਹਰਪ੍ਰੀਤ ਸਿੰਘ ਲੌਂਗੋਦੇਵਾ ਮੀਤ ਪ੍ਰਧਾਨ, ਮਨਦੀਪ ਸਿੰਘ ਅਲੀਪੁਰ ਜ਼ਿਲ੍ਹਾ ਜਨਰਲ ਸਕੱਤਰ, ਗੁਰਚਰਨ ਸਿੰਘ ਨੂਰਪੁਰ ਪ੍ਰੈੱਸ ਸਕੱਤਰ, ਪ੍ਰੀਤਮ ਸਿੰਘ ਮੀਹਾਂ ਸਿੰਘ ਵਾਲਾ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ ਤੇ ਦਰਸ਼ਨ ਸਿੰਘ ਮੀਹਾਂ ਸਿੰਘ ਵਾਲਾ ਕਾਰਜਕਾਰੀ ਮੈਂਬਰ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਕਿਸਾਨ ਆਗੂਆਂ ਨੇ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟੇ ਦੇ ਕਾਤਲਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਇਹ ਵੀ ਪਤਾ ਲਗਾਇਆ ਜਾਵੇ ਕਿ ਇਨ੍ਹਾਂ ਲੋਕਾਂ ਪਿੱਛੇ ਕਿਹੜੀਆਂ ਤਾਕਤਾਂ ਕੰਮ ਕਰ ਰਹੀਆਂ ਹਨ, ਜੋ ਇਹ ਲੋਕ ਸਿੱਧੀਆਂ ਗੋਲੀਆਂ ਮਾਰ ਕੇ ਸਮਾਜ ਸੇਵਕਾਂ ਨੂੰ ਮੌਤ ਦੇ ਘਾਟ ਉਤਾਰ ਦਿੰਦੇ ਹਨ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਇਨ੍ਹਾਂ ਤਾਕਤਾਂ ਦੀ ਸ਼ਨਾਖਤ ਕਰਕੇ ਲੋਕਾਂ ਸਾਹਮਣੇ ਲਿਆਂਦਾ ਜਾਵੇ ਤੇ ਉਨ੍ਹਾਂ ਖਿਲਾਫ ਵੀ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਨੂੰ ਸਵਾਲ ਕੀਤਾ ਕਿ ਸਰਕਾਰ ਦਾ, ਯੁੱਧ ਨਸ਼ਿਆਂ ਵਿਰੁੱਧ ਕਿੱਥੇ ਚੱਲ ਰਿਹਾ ਹੈ, ਇਹ ਲੋਕਾਂ ਨੂੰ ਦੱਸਿਆ ਜਾਵੇ।



# ਸੀ ਪੀ ਆਈ ਆਗੂ ਮਹਿੰਦਰ ਸਿੰਘ ਮਜਾਲੀਆਂ ਨਹੀਂ ਰਹੇ



**ਦੋਰਾਹਾ (ਹਰਮਿੰਦਰ ਸੇਠ)**-ਸੀ ਪੀ ਆਈ ਦੇ ਉੱਘੇ ਆਗੂ ਕਾਮਰੇਡ ਮਹਿੰਦਰ ਸਿੰਘ ਮਜਾਲੀਆਂ ਦਾ ਮੰਗਲਵਾਰ ਸਵੇਰੇ ਕਰੀਬ 4 ਵਜੇ ਆਪਣੇ ਘਰ ਵਿਖੇ ਦੇਹਾਂਤ ਹੋ ਗਿਆ।ਉਹ 82 ਸਾਲ ਦੇ ਸਨ।ਉਨ੍ਹਾਂ ਦੇ ਦੇਹਾਂਤ ਨਾਲ ਕਿਸਾਨਾਂ ਤੇ ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ ਕਰਨ ਵਾਲੀ ਲਹਿਰ ਨੂੰ ਵੱਡਾ ਘਾਟਾ ਪਿਆ ਹੈ।ਕੇਵਲ ਸਿੰਘ ਮਜਾਲੀਆਂ ਨੇ ਦੱਸਿਆ ਕਿ ਕਾਮਰੇਡ ਮਹਿੰਦਰ ਸਿੰਘ ਖੇਤ ਮਜ਼ਦੂਰ ਸਭਾ ਦੇ ਸੂਬਾਈ ਕੌਂਸਲ ਮੈਂਬਰ ਰਹੇ ਤੇ ਲੰਮਾ ਸਮਾਂ ਲੁਧਿਆਣਾ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾਈਆਂ।ਉਨ੍ਹਾਂ ਜ਼ਮੀਨੀ ਘੋਲਾਂ ਸਮੇਤ ਕਈ ਸੰਘਰਸ਼ਾਂ ਵਿੱਚ ਹਿੱਸਾ ਲਿਆ ਤੇ ਦਿੱਲੀ ਦੇ ਕਿਸਾਨ ਅੰਦੋਲਨ ਦੌਰਾਨ ਵੀ ਕਰੀਬ 10 ਤੋਂ 15 ਦਿਨ ਕਿਸਾਨਾਂ ਦੇ ਹੱਕ ਵਿੱਚ ਡਟੇ ਰਹੇ।ਉਨ੍ਹਾਂ ਦਾ ਅੰਤਿਮ ਸੰਸਕਾਰ ਜੱਦੀ ਪਿੰਡ ਮਜਾਲੀ ਕਲਾਂ ਵਿਖੇ ਕੀਤਾ ਗਿਆ।ਉਨ੍ਹਾਂ ਦੇ ਪੁੱਤਰ ਪਰਮਜੀਤ ਸਿੰਘ ਮਜਾਲੀਆਂ ਨੇ ਚਿਖਾ ਨੂੰ ਮੁੱਖ ਅਗਨੀ ਦਿੱਤੀ।ਇਸ ਮੌਕੇ ਸੀ ਪੀ ਆਈ ਬਲਾਕ ਦੋਰਾਹਾ ਦੇ ਸਵਰਨ ਸਿੰਘ ਮਾਨਕੂ, 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਮਿੰਦਰ ਸੇਠ, ਟਰੇਡ ਯੂਨੀਅਨ ਆਗੂਆਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਕੇ ਕਾਮਰੇਡ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਉਹ ਆਪਣੇ ਪਿੱਛੇ ਪਤਨੀ, ਦੋ ਪੁੱਤਰ ਤੇ ਤਿੰਨ ਧੀਆਂ ਛੱਡ ਗਏ ਹਨ।

# ਭੀਮੜਾ ਵਾਸੀਆਂ ਨੇ ਵਿਧਾਇਕ ਬੁੱਧ ਰਾਮ ਨੂੰ ਲੱਡੂਆਂ ਨਾਲ ਤੋਲਿਆ

**ਬੋਹਾ (ਨਿਰੰਜਣ ਬੋਹਾ)**-ਨੇੜਲੇ ਪਿੰਡ ਮਲਕਪੁਰ ਭੀਮੜਾ ਵਿਖੇ 1 ਕਰੋੜ 53 ਲੱਖ ਰੁਪਏ ਦੀ ਲਾਗਤ ਨਾਲ ਬਣੀ 7500 ਮੀਟਰ ਲੰਬੀ ਨਹਿਰੀ ਪਾਣੀ ਦੀ ਅੰਡਰਗਰਾਊਂਡ ਪਾਈਪਲਾਈਨ ਦਾ ਉਦਘਾਟਨ ਕੀਤਾ ਗਿਆ।ਇਸ ਖੁਸ਼ੀ ਵਿੱਚ ਪਿੰਡ ਵਾਸੀਆਂ ਨੇ ਵਿਧਾਇਕ ਬੁੱਧ ਰਾਮ ਨੂੰ ਲੱਡੂਆਂ ਨਾਲ ਤੋਲਿਆ।ਇਸ ਪਾਈਪ ਰਾਹੀਂ ਲਗਭਗ ਇੱਕ ਸੈਂਕੜਾ ਕਿਸਾਨ ਪਰਵਾਰਾਂ ਨੂੰ ਲਾਭ ਮਿਲੇਗਾ। ਕਿਸਾਨਾਂ ਨੇ 35 ਸਾਲਾਂ ਬਾਅਦ ਨਹਿਰੀ ਪਾਣੀ ਮਿਲਣ 'ਤੇ ਖੁਸ਼ੀ ਜਤਾਈ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਧੰਨਵਾਦ ਕੀਤਾ ਹੈ।



ਇਸ ਮੌਕੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਵਾਂਗ ਪਿੰਡ ਦੀਆਂ ਸਮੱਸਿਆਵਾਂ ਵੱਲ ਅਣਦੇਖੀ ਨਹੀਂ ਕੀਤੀ ਗਈ, ਸਗੋਂ ਸੂਬਾ ਸਰਕਾਰ ਨੇ ਹੁਣ ਤੱਕ ਲਗਭਗ 4 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਕੰਮ ਕਰਵਾਏ ਹਨ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਆਮ ਆਦਮੀ ਕਲੀਨਿਕ, ਵਾਟਰਵਰਕਸ ਰਾਹੀਂ ਘਰ-ਘਰ ਪਾਣੀ ਪਹੁੰਚਾਉਣ ਲਈ 25 ਲੱਖ ਰੁਪਏ ਦੀ ਪਾਈਪਲਾਈਨ ਤੇ ਇਸ ਤੋਂ ਪਹਿਲਾਂ ਵੀ ਲਗਭਗ ਦੋ ਸਾਲ ਪਹਿਲਾਂ 1 ਕਰੋੜ ਰੁਪਏ ਦੀ ਲਾਗਤ ਨਾਲ ਪਾਈਪਲਾਈਨ ਵਿਛਾਈ ਗਈ ਸੀ।ਖੇਤਾਂ ਦੀ ਸਿੰਚਾਈ ਲਈ ਹਾਕਮਵਾਲਾ ਮਾਈਨਰ ਨੂੰ ਕੰਕਰੀਟ ਨਾਲ ਪੱਕਾ ਕੀਤਾ ਗਿਆ ਹੈ।ਇਸ ਦੇ ਨਾਲ ਹੀ ਪਿੰਡ ਦੀਆਂ ਗਲੀਆਂ ਅਤੇ ਨਾਲੀਆਂ ਦੇ ਨਿਰਮਾਣ ਦਾ ਕੰਮ ਵੀ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਜਾਰੀ ਹੈ।ਇਸ ਮੌਕੇ ਪਿੰਡ ਵਾਸੀਆਂ ਸਰਪੰਚ ਮੱਖਣ ਸਿੰਘ, ਭੁਪਿੰਦਰ ਸਿੰਘ ਤੇ ਸੈਂਕੜੇ ਲੋਕਾਂ ਨੇ ਪ੍ਰਿੰਸੀਪਲ ਬੁੱਧ ਰਾਮ ਦਾ ਸਨਮਾਨ ਕੀਤਾ ਤੇ ਉਨ੍ਹਾਂ ਨੂੰ ਲੱਡੂਆਂ ਨਾਲ ਤੋਲ ਕੇ ਆਪਣੀ ਖੁਸ਼ੀ ਪ੍ਰਗਟ ਕੀਤੀ।

# ਤਿਉਹਾਰਾਂ ਦੇ ਸੀਜ਼ਨ ਦੌਰਾਨ ਅੰਮ੍ਰਿਤਸਰ-ਛਪਰਾ ਤੇ ਛੇਹਰਟਾ-ਮੁਜ਼ੱਫਰਪੁਰ ਵਿਚਾਲੇ ਚੱਲਣਗੀਆਂ ਵਿਸ਼ੇਸ਼ ਟਰੇਨਾਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਉਣ ਵਾਲੇ ਤਿਉਹਾਰਾਂ ਦੇ ਸੀਜ਼ਨ ਨੂੰ ਧਿਆਨ ਵਿਚ ਰੱਖਦਿਆਂ ਰੇਲ ਯਾਤਰੀਆਂ ਦੇ ਸੁਖਾਲੇ ਤੇ ਸੁਵਿਧਾਜਨਕ ਆਵਾਜਾਈ ਲਈ ਰੇਲਵੇ ਵਿਭਾਗ ਵੱਲੋਂ ਵੱਡਾ ਉਪਰਾਲਾ ਕੀਤਾ ਗਿਆ ਹੈ। ਉੱਤਰ ਰੇਲਵੇ ਫਿਰੋਜ਼ਪੁਰ ਮੰਡਲ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੇਲਵੇ ਨੇ ਅੰਮ੍ਰਿਤਸਰ-ਛਪਰਾ-ਅੰਮ੍ਰਿਤਸਰ ਤੇ ਛੇਹਰਟਾ-ਮੁਜ਼ੱਫਰਪੁਰ-ਛੇਹਰਟਾ ਵਿਚਕਾਰ ਰਿਜ਼ਰਵਡ ਤਿਉਹਾਰ ਸਪੈਸ਼ਲ ਟਰੇਨਾਂ ਚਲਾਉਣ ਦਾ ਫੈਸਲਾ ਕੀਤਾ ਹੈ। ਅੰਮ੍ਰਿਤਸਰ-ਛਪਰਾ-ਅੰਮ੍ਰਿਤਸਰ ਰਿਜ਼ਰਵਡ ਫੈਸਟੀਵਲ ਸਪੈਸ਼ਲ (04638/04637) ਗੱਡੀ ਨੰਬਰ 04638 ਅੰਮ੍ਰਿਤਸਰ ਤੋਂ ਛਪਰਾ ਲਈ 19 ਅਕਤੂਬਰ 2026 ਤੋਂ 30 ਨਵੰਬਰ 2026 ਤੱਕ ਹਰ ਸੋਮਵਾਰ ਨੂੰ ਚਲਾਈ ਜਾਵੇਗੀ ਕੁੱਲ 7 ਫੇਰੇ। ਇਹ ਟਰੇਨ ਅੰਮ੍ਰਿਤਸਰ ਤੋਂ ਸ਼ਾਮ 19:40 ਵਜੇ ਰਵਾਨਾ ਹੋ ਕੇ 25 ਘੰਟਿਆਂ ਬਾਅਦ ਅਗਲੇ ਦਿਨ ਰਾਤ 20:45 ਵਜੇ ਛਪਰਾ ਪਹੁੰਚੇਗੀ। ਵਾਪਸੀ 'ਚ ਗਾਡੀ ਨੰਬਰ 04637 ਛਪਰਾ ਤੋਂ ਅੰਮ੍ਰਿਤਸਰ ਲਈ 20 ਅਕਤੂਬਰ 2026 ਤੋਂ 1 ਦਸੰਬਰ 2026 ਤੱਕ ਹਰ ਮੰਗਲਵਾਰ ਨੂੰ ਚੱਲੇਗੀ ਕੁੱਲ 7 ਫੇਰੇ। ਇਹ ਟਰੇਨ ਛਪਰਾ ਤੋਂ ਰਾਤ 22:15 ਵਜੇ ਚੱਲ ਕੇ 26 ਘੰਟਿਆਂ ਬਾਅਦ ਰਾਤ 00:20 ਵਜੇ ਅੰਮ੍ਰਿਤਸਰ ਪਹੁੰਚੇਗੀ। ਰਸਤੇ 'ਚ ਇਹ ਵਿਸ਼ੇਸ਼ ਟਰੇਨ ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ, ਗੋਰਖਪੁਰ, ਕਪਤਾਨਗੰਜ, ਪਡਰੌਨਾ, ਤਮਕੁਹੀ ਰੋਡ, ਥਾਵੇ, ਸੀਵਾਨ ਤੇ ਇਕਮਾ ਰੇਲਵੇ ਸਟੇਸ਼ਨਾਂ 'ਤੇ ਦੋਵਾਂ ਦਿਸ਼ਾਵਾਂ ਵਿੱਚ ਰੁਕੇਗੀ। ਛੇਹਰਟਾ-ਮੁਜ਼ੱਫਰਪੁਰ-ਛੇਹਰਟਾ ਰਿਜ਼ਰਵਡ ਫੈਸਟੀਵਲ ਸਪੈਸ਼ਲ (04640/04639) ਗੱਡੀ ਨੰਬਰ 04640 ਛੇਹਰਟਾ ਤੋਂ ਮੁਜ਼ੱਫਰਪੁਰ ਲਈ 19 ਅਕਤੂਬਰ 2026 ਤੋਂ 30 ਨਵੰਬਰ 2026 ਤੱਕ ਹਰ ਸੋਮਵਾਰ ਨੂੰ ਰਵਾਨਾ ਹੋਵੇਗੀ, ਕੁੱਲ 7 ਫੇਰੇ। ਇਹ ਟਰੇਨ ਛੇਹਰਟਾ ਤੋਂ ਸਵੇਰੇ 08:35 ਵਜੇ ਚੱਲ ਕੇ 28 ਘੰਟੇ 35 ਮਿੰਟ ਬਾਅਦ ਦੁਪਹਿਰ 13:10 ਵਜੇ ਮੁਜ਼ੱਫਰਪੁਰ ਪਹੁੰਚੇਗੀ। ਵਾਪਸੀ 'ਚ ਗੱਡੀ ਨੰਬਰ 04639 ਮੁਜ਼ੱਫਰਪੁਰ ਤੋਂ ਛੇਹਰਟਾ ਲਈ 20 ਅਕਤੂਬਰ 2026 ਤੋਂ 01 ਦਸੰਬਰ 2026 ਤੱਕ ਹਰ ਮੰਗਲਵਾਰ ਨੂੰ ਚੱਲੇਗੀ ਕੁੱਲ 7 ਫੇਰੇ। ਇਹ ਟਰੇਨ ਮੁਜ਼ੱਫਰਪੁਰ ਤੋਂ ਸ਼ਾਮ 16:00 ਵਜੇ ਰਵਾਨਾ ਹੋ ਕੇ 29 ਘੰਟੇ 30 ਮਿੰਟ ਬਾਅਦ ਰਾਤ 21:30 ਵਜੇ ਛੇਹਰਟਾ ਪਹੁੰਚੇਗੀ। ਇਹ ਟਰੇਨ ਦੋਵਾਂ ਦਿਸ਼ਾਵਾਂ ਵਿੱਚ ਅੰਮ੍ਰਿਤਸਰ, ਬਿਆਸ, ਜਲੰਧਰ ਸਿਟੀ, ਲੁਧਿਆਣਾ, ਸਰਹਿੰਦ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ, ਗੋਰਖਪੁਰ, ਕਪਤਾਨਗੰਜ, ਸਿਸਵਾ, ਪਨਿਹਵਾ, ਬਗਾਹਾ, ਨਰਕਟੀਆਗੰਜ, ਬੇਤੀਆ ਤੇ ਸੁਗੌਲੀ ਸਟੇਸ਼ਨਾਂ 'ਤੇ ਠਹਿਰਾਅ ਕਰੇਗੀ। ਰੇਲਵੇ ਪ੍ਰਸ਼ਾਸਨ ਨੇ ਯਾਤਰੀਆਂ ਨੂੰ ਇਨ੍ਹਾਂ ਵਿਸ਼ੇਸ਼ ਟਰੇਨਾਂ ਦੀ ਸੁਵਿਧਾ ਦਾ ਲਾਭ ਉਠਾਉਣ ਤੇ ਆਪਣੀ ਯਾਤਰਾ ਨੂੰ ਆਰਾਮਦਾਇਕ ਬਣਾਉਣ ਦੀ ਅਪੀਲ ਕੀਤੀ ਹੈ।

# ਸ਼ਿਵਾਲਿਕ ਮਾਡਲ ਸਕੂਲ 'ਚ ਵਿਗਿਆਨ ਮੇਲਾ ਕਰਵਾਇਆ



**ਜਗਰਾਉਂ (ਸੰਜੀਵ ਅਰੋੜਾ)**

ਸ਼ਿਵਾਲਿਕ ਮਾਡਲ ਸਕੂਲ ਜਗਰਾਉਂ ਵਿਖੇ ਵਿਦਿਆਰਥੀਆਂ ਦੀ ਵਿਗਿਆਨਕ ਸੋਚ, ਰਚਨਾਤਮਕ ਪ੍ਰਤਿਭਾ ਤੇ ਨਵੀਨਤਾ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਇੱਕ ਸ਼ਾਨਦਾਰ ਵਿਗਿਆਨ ਮੇਲੇ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਵਿਸ਼ਿਆਂ 'ਤੇ ਅਧਾਰਤ ਵਰਕਿੰਗ ਮਾਡਲ, ਆਕਰਸ਼ਕ ਚਾਰਟ ਤੇ ਹੱਥੀਂ ਬਣਾਈਆਂ ਕਲਾਕ੍ਰਿਤੀਆਂ ਪੇਸ਼ ਕਰਕੇ ਆਪਣੀ ਪ੍ਰਤਿਭਾ, ਕਲਪਨਾਸ਼ੀਲਤਾ ਤੇ ਵਿਹਾਰਕ ਗਿਆਨ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਮੇਲੇ ਵਿੱਚ ਗਿਆਨ, ਸਿਰਜਣਾਤਮਕਤਾ ਤੇ ਵਿਗਿਆਨਕ ਦ੍ਰਿਸ਼ਟੀਕੋਣ ਦਾ ਇੱਕ ਸੁੰਦਰ ਸੁਮੇਲ ਦੇਖਣ ਨੂੰ ਮਿਲਿਆ। ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਕੀਤੀ। ਇਸ ਮੌਕੇ ਡਾ. ਐੱਸ. ਕੇ. ਵਰਮਾ ਤੇ ਡਾਕਟਰ ਸ਼ੈਲਜਾ ਵਰਮਾ ਮੁੱਖ ਮਹਿਮਾਨ ਵਜੋਂ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ ਟੋਨੀ ਵਰਮਾ, ਆਸ਼ੀਸ਼ ਗੁਪਤਾ, ਅਪਾਰ ਸਿੰਘ, ਸਰਬਜੀਤ ਕੌਰ, ਡਾਕਟਰ ਚੰਦਰਮੋਹਨ ਓਹਰੀ, ਪਰਮਿੰਦਰ ਕੌਰ, ਮਿੰਨੀ ਤਲਵਾਰ ਤੇ ਸੁਧਾ ਗੋਇਲ ਨੇ ਵੀ ਆਪਣੀ ਗੌਰਵਮਈ ਹਾਜ਼ਰੀ ਦਰਜ ਕਰਵਾਈ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਵਿੱਦਿਅਕ ਆਯੋਜਨ ਵਿਦਿਆਰਥੀਆਂ ਵਿੱਚ ਜਿਗਿਆਸਾ, ਤਾਰਕਿਕ ਚਿੰਤਨ (ਦਲੀਲਪੂਰਨ ਸੋਚ), ਆਤਮ-ਵਿਸ਼ਵਾਸ ਤੇ ਖੋਜ ਦੀ ਪ੍ਰਵਿਰਤੀ ਵਿਕਸਿਤ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਵਿਹਾਰਕ ਅਨੁਭਵ ਪ੍ਰਾਪਤ ਕਰਨ ਤੇ ਆਪਣੇ ਗਿਆਨ ਦੀ ਵਰਤੋਂ ਅਸਲ ਜ਼ਿੰਦਗੀ ਦੀਆਂ ਸਥਿਤੀਆਂ ਵਿੱਚ ਕਰਨ ਲਈ ਪ੍ਰੇਰਿਤ ਕੀਤਾ। ਵਿਦਿਆਲਿਆ ਦੀ ਉਪ ਪ੍ਰਧਾਨ (ਵਾਈਸ ਪ੍ਰੈਜ਼ੀਡੈਂਟ) ਇਸ਼ਿਤਾ ਗੁਪਤਾ ਨੇ ਵਿਗਿਆਨ ਮੇਲੇ ਨੂੰ ਸਫ਼ਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਮੁੱਖ ਮਹਿਮਾਨ ਡਾ. ਐੱਸ. ਕੇ. ਵਰਮਾ, ਡਾ. ਸ਼ੈਲਜਾ ਵਰਮਾ, ਹੋਰ ਪਤਵੰਤੇ ਸੱਜਣਾਂ ਤੇ ਪ੍ਰਿੰਸੀਪਲ ਨੀਲਮ ਸ਼ਰਮਾ ਨੇ ਵੱਖ-ਵੱਖ ਪ੍ਰਦਰਸ਼ਨੀਆਂ ਦਾ ਨਿਰੀਖਣ ਕੀਤਾ। ਉਨ੍ਹਾਂ ਵਿਦਿਆਰਥੀਆਂ ਦੁਆਰਾ ਤਿਆਰ ਕੀਤੇ ਮਾਡਲਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਦੇ ਯਤਨਾਂ ਤੇ ਮਾਰਗਦਰਸ਼ਕ ਅਧਿਆਪਕਾਂ ਦੇ ਸਮਰਪਣ ਦੀ ਪ੍ਰਸੰਸਾ ਕੀਤੀ। ਇਹ ਵਿਗਿਆਨ ਮੇਲਾ ਵਿਦਿਆਰਥੀਆਂ ਲਈ ਸਿੱਖਣ, ਪ੍ਰਯੋਗ ਕਰਨ, ਨਵੇਂ ਵਿਚਾਰਾਂ ਨੂੰ ਵਿਕਸਤ ਕਰਨ ਤੇ ਆਪਣੀ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਦਾ ਇੱਕ ਸਾਰਥਕ ਮੰਚ ਸਾਬਿਤ ਹੋਇਆ। ਪ੍ਰੋਗਰਾਮ ਦੇ ਅੰਤ 'ਚ ਸਕੂਲ ਵੱਲੋਂ ਸਾਰੇ ਪਤਵੰਤੇ ਮਹਿਮਾਨਾਂ, ਅਧਿਆਪਕਾਂ ਤੇ ਵਿਦਿਆਰਥੀਆਂ ਪ੍ਰਤੀ ਦਿਲੋਂ ਧੰਨਵਾਦ ਪ੍ਰਗਟ ਕੀਤਾ ਗਿਆ।

ਇਸ ਮੌਕੇ ਸਕੂਲ ਦੀ ਉੱਪ-ਪ੍ਰਧਾਨ ਇਸ਼ਿਤਾ ਗੁਪਤਾ ਦੇ ਨਿਰੰਤਰ ਮਾਰਗਦਰਸ਼ਨ, ਪ੍ਰੇਰਨਾ ਤੇ ਬਹੁਮੁੱਲੇ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਵਿਗਿਆਨ ਮੇਲੇ ਨੇ ਵਿਦਿਆਰਥੀਆਂ ਵਿੱਚ ਸਿੱਖਣ ਦਾ ਨਵਾਂ ਉਤਸ਼ਾਹ ਜਗਾਉਂਦੇ ਹੋਏ ਸਿੱਖਿਆ ਨੂੰ ਅਨੁਭਵ, ਪ੍ਰਯੋਗ ਤੇ ਸਿਰਜਣਾ ਨਾਲ ਜੋੜਨ ਦੀ ਦਿਸ਼ਾ ਵਿੱਚ ਇੱਕ ਸ਼ਲਾਘਾਯੋਗ ਪਹਿਲ ਪੇਸ਼ ਕੀਤੀ।

# ਕਾਰਵਾਂ-ਏ-ਅਦਬ ਪੰਜਾਬ ਵੱਲੋਂ ਕਵੀ ਦਰਬਾਰ




**ਮਾਲੇਰਕੋਟਲਾ (ਅਸਗਰ ਪਰਿਹਾਰ)**-ਵਿੱਦਿਆ ਤੇ ਸਾਹਿਤ ਦੇ ਇਤਿਹਾਸਕ ਕੇਂਦਰ ਮਾਲੇਰਕੋਟਲਾ ਵਿਖੇ ਜਾਣੀ-ਪਛਾਣੀ ਸਾਹਿਤਕ ਤੇ ਸੱਭਿਆਚਾਰਕ ਸੰਸਥਾ 'ਕਾਰਵਾਂ-ਏ-ਅਦਬ ਪੰਜਾਬ' ਵੱਲੋਂ ਮੁਅੱਜ਼ਮ ਮੰਜ਼ਿਲ ਵਿਖੇ ਇੱਕ ਸ਼ਾਨਦਾਰ ਤੇ ਫਿਕਰੀ ਕਵੀ ਦਰਬਾਰ ਕੀਤਾ ਗਿਆ।ਇਸ ਸਮਾਗਮ ਦੀ ਪ੍ਰਧਾਨਗੀ 'ਕਾਰਵਾਂ-ਏ-ਅਦਬ ਪੰਜਾਬ' ਦੇ ਪ੍ਰਧਾਨ ਤੇ ਮਸ਼ਹੂਰ ਸ਼ਾਇਰ ਜਨਾਬ ਜ਼ਫਰ ਅਹਿਮਦ ਜ਼ਫਰ ਨੇ ਕੀਤੀ, ਜਦਕਿ ਨੈਸ਼ਨਲ ਹਿਊਮਨ ਰਾਈਟਸ (ਸੋਸ਼ਲ ਜਸਟਿਸ ਕੌਂਸਲ) ਦੇ ਵਾਇਸ ਚੇਅਰਮੈਨ ਜ਼ਹੂਰ ਅਹਿਮਦ ਚੌਹਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਬੈਠਕ ਦਾ ਆਰੰਭ ਮੁਹੰਮਦ ਮੁਅੱਜਮ ਸੈਫੀ ਵੱਲੋਂ ਕੁਰਾਨ ਸ਼ਰੀਫ ਦੀ ਤਿਲਾਵਤ ਦੇ ਨਾਲ ਕੀਤਾ ਗਿਆ।ਇਸ ਤੋਂ ਬਾਅਦ ਮੁਹੰਮਦ ਮੁਕਰਮ ਸੈਫੀ ਨੇ ਨਾਤ-ਏ-ਰਸੂਲ ਪੇਸ਼ ਕੀਤੀ।ਆਪਣੇ ਪ੍ਰਧਾਨਗੀ ਭਾਸ਼ਣ 'ਚ ਜ਼ਫਰ ਅਹਿਮਦ ਜ਼ਫਰ ਨੇ ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ, ਸਾਰੇ ਸ਼ਾਇਰਾਂ ਤੇ ਸਤਿਕਾਰਯੋਗ ਸਰੋਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਸਮਾਗਮ ਦੇ ਮੁੱਖ ਮਹਿਮਾਨ ਜ਼ਹੂਰ ਅਹਿਮਦ ਚੌਹਾਨ ਨੇ 'ਕਾਰਵਾਂ-ਏ-ਅਦਬ ਪੰਜਾਬ' ਨੂੰ ਇਸ ਸਫਲ ਸਮਾਗਮ ਲਈ ਵਧਾਈ ਦਿੰਦਿਆਂ ਸੰਸਥਾ ਦੀਆਂ ਲਗਾਤਾਰ ਸਾਹਿਤਕ ਸੇਵਾਵਾਂ ਦੀ ਭਰਪੂਰ ਪ੍ਰਸੰਸਾ ਕੀਤੀ।ਇਸ ਦੌਰਾਨ ਇਫਤਿਖਾਰ ਸੈਫੀ, ਸਾਜਿਦ ਅਨਵਰ ਸੈਫੀ, ਜ਼ਫਰ ਅਹਿਮਦ ਜ਼ਫਰ, ਡਾਕਟਰ ਅਨਵਾਰ ਅਹਿਮਦ ਅੰਸਾਰੀ, ਮੁਸ਼ਤਾਕ ਜੋਸ਼, ਮੁਕਰਮ ਸੈਫੀ, ਜ਼ਮੀਰ ਅਲੀ ਜ਼ਮੀਰ, ਅਸਗਰ ਅਮੀਨ, ਮੁਹੰਮਦ ਮੁਅੱਜ਼ਮ ਸੈਫੀ, ਡਾਕਟਰ ਮੁਹੰਮਦ ਅਸ਼ਰਫ, ਡਾਕਟਰ ਸੰਦੀਪ ਕੁਮਾਰ ਗੇਰਾ, ਅਖਤਰ ਸ਼ਾਦ ਤੇ ਮੁਬੀਨ ਕੁਰੈਸ਼ੀ ਨੇ ਆਪਣੇ ਕਲਾਮ ਪੇਸ਼ ਕਰਕੇ ਮਹਿਫਿਲ ਵਿੱਚ ਸਮਾਂ ਬੰਨ੍ਹ ਦਿੱਤਾ।ਮੰਚ ਸੰਚਾਲਨ ਦੀ ਜ਼ਿੰਮੇਵਾਰੀ ਜਨਾਬ ਅਸਗਰ ਅਮੀਨ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।ਇਸ ਸਾਹਿਤਕ ਸਮਾਗਮ 'ਚ ਸ਼ਾਇਰਾਂ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਵਿੱਦਿਅਕ, ਪੱਤਰਕਾਰੀ ਤੇ ਸਮਾਜਿਕ ਸ਼ਖਸੀਅਤਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।

# ਸੱਤਾਧਾਰੀ ਧਿਰ ਵੱਲੋਂ ਥੋਪੇ ਕੌਂਸਲਰ ਸਸਪੈਂਡ ਹੋਣ 'ਤੇ ਲੋਕਾਂ 'ਚ ਖੁਸ਼ੀ ਦੀ ਲਹਿਰ : ਅਕਾਲੀ ਆਗੂ

## ਹੁਣ ਸੁਪਰੀਮ ਕੋਰਟ ਦੇ ਫੈਸਲੇ ਨਾਲ ਲੋਕਾਂ ਨੂੰ ਆਪਣੀ ਪਸੰਦ ਦੇ ਉਮੀਦਵਾਰਾਂ ਨੂੰ ਵੋਟ ਪਾਉਣ ਦਾ ਮੌਕਾ ਮਿਲੇਗਾ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਚੇਅਰਮੈਨ ਜਤਿੰਦਰ ਸਿੰਘ ਬਿੱਟੂ, ਤਲਵਾਰ ਬਰਾੜ, ਚੈਰੀ ਭਾਟੀਆਂ, ਗੁਰਪ੍ਰੀਤ ਸਿੰਘ ਹਰੀਏ ਵਾਲਾ, ਤਰਸੇਮ ਸਿੰਘ ਗਿੱਲ ਤੇ ਲਖਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਗਰ ਕੌਂਸਲ ਬਾਘਾ ਪੁਰਾਣਾ ਦੇ 15 ਕੌਂਸਲਰਾਂ ਨੂੰ ਸਸਪੈਂਡ ਕਰਨ ਤੇ ਛੇ ਹਫ਼ਤਿਆਂ ਦੇ ਅੰਦਰ ਮੁੜ ਚੋਣਾਂ ਕਰਵਾਉਣ ਸਬੰਧੀ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਸ਼ਹਿਰ ਵਾਸੀਆਂ ਨੂੰ ਵੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਉਮੀਦ ਬੱਝੀ ਹੈ।ਅਕਾਲੀ ਆਗੂਆਂ ਨੇ ਦੋਸ਼ ਲਾਇਆ ਕਿ ਪਿਛਲੀਆਂ ਨਗਰ ਕੌਂਸਲ ਚੋਣਾਂ ਦੌਰਾਨ ਸੱਤਾਧਾਰੀ ਧਿਰ ਦੇ ਕਥਿਤ ਦਬਾਅ ਹੇਠ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਨੂੰ ਨਾਮਜ਼ਦਗੀਆਂ ਦਾਖ਼ਲ ਕਰਨ ਤੋਂ ਰੋਕਿਆ ਗਿਆ ਸੀ, ਜਿਸ ਕਾਰਨ ਲੋਕਾਂ ਨੂੰ ਆਪਣੀ ਪਸੰਦ ਦੇ ਨੁਮਾਇੰਦੇ ਚੁਣਨ ਦਾ ਮੌਕਾ ਨਹੀਂ ਮਿਲਿਆ।ਉਨ੍ਹਾਂ ਕਿਹਾ ਕਿ 15 ਵਾਰਡਾਂ ਦੇ ਵਸਨੀਕਾਂ 'ਤੇ ਕਥਿਤ ਤੌਰ 'ਤੇ ਧੱਕੇ ਨਾਲ ਕੌਂਸਲਰ ਥੋਪੇ ਜਾਣ ਕਾਰਨ ਲੋਕਤੰਤਰੀ ਪ੍ਰਕਿਰਿਆ ਪ੍ਰਭਾਵਿਤ ਹੋਈ ਸੀ।ਹੁਣ ਸੁਪਰੀਮ ਕੋਰਟ ਦੇ ਫੈਸਲੇ ਨਾਲ ਲੋਕਾਂ ਨੂੰ ਆਪਣੀ ਪਸੰਦ ਦੇ ਉਮੀਦਵਾਰਾਂ ਨੂੰ ਵੋਟ ਪਾਉਣ ਦਾ ਮੌਕਾ ਮਿਲੇਗਾ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਅਤੇ ਯੂਥ ਆਗੂ ਜਸਪ੍ਰੀਤ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਪਾਰਟੀ ਵਰਕਰਾਂ ਨਾਲ ਮਜ਼ਬੂਤੀ ਨਾਲ ਖੜ੍ਹ ਕੇ ਲੋਕਤੰਤਰੀ ਹੱਕਾਂ ਦੀ ਲੜਾਈ ਲੜੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਆਗੂਆਂ ਦੇ ਯਤਨਾਂ ਸਦਕਾ ਵਰਕਰਾਂ ਨੂੰ ਮੁੜ ਚੋਣਾਂ ਵਿੱਚ ਹਿੱਸਾ ਲੈਣ ਦੀ ਆਸ ਬੱਝੀ ਹੈ।ਅਕਾਲੀ ਆਗੂਆਂ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਸਾਰੇ 15 ਵਾਰਡਾਂ ਵਿੱਚ ਆਪਣੇ ਉਮੀਦਵਾਰ ਉਤਾਰੇਗਾ ਤੇ ਸ਼ਾਨਦਾਰ ਜਿੱਤ ਹਾਸਲ ਕਰੇਗਾ।



ਉਨ੍ਹਾਂ ਭਰੋਸਾ ਜਤਾਇਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਨਗਰ ਕੌਂਸਲ ਬਾਘਾ ਪੁਰਾਣਾ ਦੀ ਪ੍ਰਧਾਨਗੀ ਵੀ ਅਕਾਲੀ ਦਲ ਦੇ ਹਿੱਸੇ ਆਵੇਗੀ।ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ ਹਨ ਤੇ ਲੋਕਾਂ ਦੇ ਸਹਿਯੋਗ ਨਾਲ ਜਿੱਤ ਦਰਜ ਕਰਨ ਲਈ ਯਤਨਸ਼ੀਲ ਰਹਿਣਗੇ।

# ਲੋਕ ਤੇ ਕਲਾਸੀਕਲ ਡਾਂਸ ਮੁਕਾਬਲੇ 'ਚ ਸੁਪੀਰੀਅਰ ਸਕੂਲ ਨੇ ਮਾਰੀ ਬਾਜ਼ੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਅੰਤਰ-ਸਕੂਲ ਸਹੋਦਿਆ ਲੋਕ ਤੇ ਕਲਾਸੀਕਲ ਡਾਂਸ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਹੈ। ਲੁਧਿਆਣਾ ਈਸਟ-ਖੰਨਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਰਵਾਏ ਗਏ ਇਸ ਮੁਕਾਬਲੇ ਵਿਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦਾ ਵਿਸ਼ਾ 'ਬੰਗਾਲੀ ਬਨਾਮ ਪੰਜਾਬੀ ਡਾਂਸ ਪੇਸ਼ਕਾਰੀ' ਸੀ। ਦਾ ਸੁਪੀਰੀਅਰ ਵਰਲਡ ਸਕੂਲ ਦੀ ਟੀਮ ਨੇ ਦੋਵਾਂ ਸੱਭਿਆਚਾਰਾਂ ਦੇ ਨਾਚਾਂ ਨੂੰ ਪ੍ਰਭਾਵਸ਼ਾਲੀ ਅੰਦਾਜ਼ 'ਚ ਪੇਸ਼ ਕਰਕੇ ਦਰਸ਼ਕਾਂ ਦੀ ਵਾਹ-ਵਾਹ ਖੱਟੀ ਤੇ ਪਹਿਲਾ ਸਥਾਨ ਹਾਸਲ ਕਰਕੇ ਟਰਾਫੀ ਆਪਣੇ ਨਾਂਅ ਕੀਤੀ। ਜੇਤੂ ਟੀਮ 'ਚ ਅਨਾਮਿਕਾ ਹੰਸ, ਪੀਹੂ ਖਨੇਜਾ, ਦਿਵਿਆਂਸ਼ੀ, ਰਿਮਝਿਮ, ਅਵਨੀਤ ਕੌਰ, ਰਹਿਮਤ ਕੌਰ, ਆਸ਼ਨਾ, ਜਸ਼ਨਦੀਪ ਅਵੈਪਾਲ ਤੇ ਯਸ਼ਿਕਾ ਜੈਨ ਸ਼ਾਮਲ ਸਨ। ਲੜਕਿਆਂ ਦੀ ਟੀਮ 'ਚ ਜਤਿਨ ਅਭੈਪਾਲ, ਅਰਸ਼ਪ੍ਰੀਤ ਸਿੰਘ, ਤੋਸ਼ਨ ਰਾਜਪੂਤ, ਯੁੱਧਵੀਰ ਸਿੰਘ, ਗੁਰਨੂਰ ਸਿੰਘ ਭੱਟੀ, ਪ੍ਰਦੀਪ ਸਿੰਘ, ਜਸਕਰਨ ਸਿੰਘ, ਜਗਦੀਪ ਸਿੰਘ ਤੇ ਰੋਮਿਤ ਨੇ ਭਾਗ ਲਿਆ। ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਵਿਦਿਆਰਥੀਆਂ ਦੀ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਸਫ਼ਲਤਾ ਪਿੱਛੇ ਵਿਦਿਆਰਥੀਆਂ ਦੇ ਨਾਲ-ਨਾਲ ਸਿਖਲਾਈ ਦੇਣ ਵਾਲੀ ਟੀਮ ਦੀ ਵੀ ਅਹਿਮ ਭੂਮਿਕਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕੋਰੀਓਗ੍ਰਾਫ਼ੀ ਟੀਮ ਦੇ ਭਜਨ, ਪ੍ਰੀਤੀ, ਮਨੋਜ ਤੇ ਜੈਸਮੀਨ ਨੇ ਵਿਦਿਆਰਥੀਆਂ ਨੂੰ ਤਿਆਰ ਕਰਨ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀਆਂ ਆਕਰਸ਼ਕ ਪੁਸ਼ਾਕਾਂ ਤਿਆਰ ਕਰਨ ਲਈ ਈ. ਟੀ. ਕਾਸਟਿਊਮ ਦੀ ਟੀਮ ਦੇ ਡੇਜ਼ੀ, ਗਗਨ, ਡਿੰਪਲ, ਜਸਵਿੰਦਰ ਕੌਰ ਤੇ ਜਯੋਤੀ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਨੇ ਕਿਹਾ ਕਿ ਇਹ ਪ੍ਰਾਪਤੀ ਸਮੂਹ ਟੀਮ ਦੀ ਮਿਹਨਤ, ਲਗਨ ਤੇ ਆਪਸੀ ਸਹਿਯੋਗ ਦਾ ਨਤੀਜਾ ਹੈ।

# ਨੌਜਵਾਨ ਆਗੂ ਧਰਮਪਾਲ ਡੀ ਪੀ ਵੱਲੋਂ ਵਿਧਾਇਕ ਪ੍ਰਗਟ ਸਿੰਘ ਨੂੰ ਸੂਬਾ ਪ੍ਰਧਾਨ ਬਣਾਉਣ ਦਾ ਸਵਾਗਤ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ ਦੇ ਫਰਜ਼ੰਦ ਕਾਂਗਰਸ ਪਾਰਟੀ ਦੇ ਸੀਨੀਅਰ ਨੌਜਵਾਨ ਆਗੂ ਐਡਵੋਕੇਟ ਧਰਮਪਾਲ ਸਿੰਘ ਡੀ. ਪੀ. ਪਿਛਲੇ ਲੰਮੇ ਸਮੇਂ ਤੋਂ ਵਿਧਾਨ ਸਭਾ ਹਲਕਾ ਮੋਗਾ ਤੇ ਹਲਕਾ ਬਾਘਾ ਪੁਰਾਣਾ ਅੰਦਰ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਸਰਗਰਮੀ ਨਾਲ ਕੰਮ ਕਰ ਰਹੇ ਹਨ।ਉਨ੍ਹਾਂ ਵੱਲੋਂ ਦੋਵੇਂ ਹਲਕਿਆਂ ਦੇ ਪਿੰਡਾਂ ਤੇ ਸ਼ਹਿਰੀ ਖੇਤਰਾਂ ਵਿੱਚ ਪਾਰਟੀ ਵਰਕਰਾਂ ਨਾਲ ਲਗਾਤਾਰ ਰਾਬਤਾ ਕਾਇਮ ਕਰਦਿਆਂ ਕਾਂਗਰਸ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਐਡਵੋਕੇਟ ਧਰਮਪਾਲ ਸਿੰਘ ਡੀ.ਪੀ. ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਪ੍ਰਧਾਨ ਵਜੋਂ ਵਿਧਾਇਕ ਪ੍ਰਗਟ ਸਿੰਘ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਇੱਕ ਪੜ੍ਹੇ-ਲਿਖੇ, ਬੇਦਾਗ਼ ਤੇ ਸੂਝ-ਬੂਝ ਵਾਲੇ ਆਗੂ ਹਨ, ਜਿਨ੍ਹਾਂ ਕੋਲ ਪੰਜਾਬ ਦੇ ਲੋਕਾਂ ਤੇ ਪਾਰਟੀ ਵਰਕਰਾਂ ਨਾਲ ਜੁੜ ਕੇ ਕੰਮ ਕਰਨ ਦਾ ਤਜਰਬਾ ਹੈ।ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਅੰਦਰ ਕਾਂਗਰਸ ਪਾਰਟੀ ਨੂੰ ਨਵੀਂ ਦਿਸ਼ਾ ਤੇ ਨਵੀਂ ਮਜ਼ਬੂਤੀ ਮਿਲਣ ਦੀ ਉਮੀਦ ਹੈ।ਧਰਮਪਾਲ ਸਿੰਘ ਡੀ.ਪੀ. ਨੇ ਕਿਹਾ ਕਿ

**■ ਪੰਜਾਬ ਕਾਂਗਰਸ ਨੂੰ ਨਵਾਂ ਪ੍ਰਧਾਨ ਮਿਲਣ ਨਾਲ ਪਾਰਟੀ ਆਗੂਆਂ ਤੇ ਵਰਕਰਾਂ 'ਚ ਭਾਰੀ ਉਤਸ਼ਾਹ**



ਪੰਜਾਬ ਕਾਂਗਰਸ ਨੂੰ ਨਵਾਂ ਪ੍ਰਧਾਨ ਮਿਲਣ ਨਾਲ ਪਾਰਟੀ ਦੇ ਆਗੂਆਂ ਤੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੀ ਲੋੜ ਹੈ ਤੇ ਨੌਜਵਾਨਾਂ ਨੂੰ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਭਰੋਸਾ ਪ੍ਰਗਟ ਕੀਤਾ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਕਾਂਗਰਸ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਹੋਰ ਮਿਹਨਤ ਕਰੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਮੇਂ ਵਿਚ ਬਦਲਾਅ ਦੀ ਉਮੀਦ ਰੱਖ ਰਹੇ ਹਨ ਤੇ ਕਾਂਗਰਸ ਪਾਰਟੀ ਨੂੰ ਇਸ ਮੌਕੇ ਨੂੰ ਗੰਭੀਰਤਾ ਨਾਲ ਲੈਂਦਿਆਂ ਲੋਕਾਂ ਦੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਮਹਿੰਗਾਈ, ਬੇਰੁਜ਼ਗਾਰੀ, ਨੌਜਵਾਨਾਂ ਦੇ ਭਵਿੱਖ ਅਤੇ ਕਿਸਾਨਾਂ ਤੇ ਵਪਾਰੀਆਂ ਨਾਲ ਸੰਬੰਧਤ ਮਸਲਿਆਂ ਨੂੰ ਲੈ ਕੇ ਕਾਂਗਰਸ ਵੱਲੋਂ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕੀਤਾ ਜਾਵੇਗਾ।

ਇਸ ਦੌਰਾਨ ਧਰਮਪਾਲ ਸਿੰਘ ਡੀ.ਪੀ. ਦੀ ਸਰਗਰਮੀ ਦੀ ਗੱਲ ਕਰਦਿਆਂ ਪਾਰਟੀ ਨਾਲ ਜੁੜੇ ਲੋਕਾਂ ਨੇ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਹਲਕਾ ਮੋਗਾ ਤੇ ਹਲਕਾ ਬਾਘਾ ਪੁਰਾਣਾ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕਰ ਰਹੇ ਹਨ।ਇੱਕ ਪੜ੍ਹੇ-ਲਿਖੇ ਤੇ ਮਿਹਨਤੀ ਨੌਜਵਾਨ ਆਗੂ ਹੋਣ ਕਰਕੇ ਉਨ੍ਹਾਂ ਨਾਲ ਨੌਜਵਾਨ ਵਰਗ ਦੀ ਵੱਡੀ ਗਿਣਤੀ ਵਿੱਚ ਸਾਂਝ ਬਣੀ ਹੋਈ ਹੈ।ਉਨ੍ਹਾਂ ਦੀ ਹਲਕਿਆਂ ਅੰਦਰ ਸਰਗਰਮੀ ਤੇ ਲੋਕਾਂ ਨਾਲ ਨਿਰੰਤਰ ਸੰਪਰਕ ਨੂੰ ਦੇਖਦਿਆਂ ਸਮਰਥਕਾਂ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਪਾਰਟੀ ਵੱਲੋਂ ਮੌਕਾ ਦੇਣ ਦੀ ਮੰਗ ਵੀ ਉਠਾਈ ਜਾ ਰਹੀ ਹੈ।ਧਰਮਪਾਲ ਸਿੰਘ ਡੀ. ਪੀ. ਨੇ ਕਿਹਾ ਕਿ ਪਾਰਟੀ, ਜੋ ਵੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੇਗੀ, ਉਹ ਉਸ ਨੂੰ ਪੂਰੀ ਇਮਾਨਦਾਰੀ, ਮਿਹਨਤ ਤੇ ਸਮਰਪਣ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨਾ ਹੈ।

